ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 14 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੯ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਨਵਾਂਸ਼ਹਿਰ 'ਚ ਵਪਾਰ ਮੰਡਲ ਦੇ ਵਾਈਸ ਪ੍ਰਧਾਨ ਰਵੀ ਸੋਬਤੀ ਦਾ ਬੇਰਹਿਮੀ ਨਾਲ ਕੀਤਾ ਕਤਲ

**ਨਵਾਂਸ਼ਹਿਰ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਨਵਾਂ ਸ਼ਹਿਰ ਦੇ ਵਪਾਰ ਮੰਡਲ ਦੇ ਵਾਈਸ ਪ੍ਰਧਾਨ ਰਵੀ ਸੋਬਤੀ ਦਾ ਬੇਰਹਿਮੀ ਨਾਲ ਕਤਲ ਕੀਤਾ ਗਿਆ ਹੈ। ਵਪਾਰ ਮੰਡਲ ਦੇ ਵਾਈਸ ਪ੍ਰਧਾਨ ਰਵੀ ਸੋਬਤੀ ਰਾਤ ਤੋਂ ਲਾਪਤਾ ਸਨ। ਪਰਿਵਾਰ ਵੱਲੋਂ ਪੁਲਿਸ ਨੂੰ ਲਾਪਤਾ ਹੋਣ ਦੀ ਸ਼ਿਕਾਇਤ ਵੀ ਦਿੱਤੀ ਗਈ ਸੀ9ਮਿਲੀ ਜਾਣਕਾਰੀ ਅਨੁਸਾਰ ਪੁਲਿਸ ਨੇ ਕੁੱਝ ਪ੍ਰਵਾਸੀ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਹਨਾਂ ਨੇ ਵਪਾਰੀ ਦਾ ਨਵਾਂਸ਼ਹਿਰ ਵਿੱਚ ਹੀ ਕਤਲ ਕੀਤਾ ਸੀ ਤੇ ਲਾਸ਼ ਨੂੰ ਖੁਰਦ ਬੁਰਦ ਕਰਨ ਦੇ ਇਰਾਦੇ ਨਾਲ ਬਲਾਚੌਰ ਇਲਾਕੇ ਵਿੱਚ ਲੈ ਗਏ ਸਨ। ਰਵੀ ਸੋਬਤੀ ਦੀ ਬਲਾਚੌਰ ਦੇ ਇਲਾਕੇ 'ਚੋਂ ਗੱਡੀ 'ਚੋਂ ਤੇਜ਼ਧਾਰ ਹਥਿਆਰਾਂ ਨਾਲ ਕੱਟੀ ਹੋਈ ਲਾਸ਼ ਬਰਾਮਦ ਕੀਤੀ ਗਈ। ਲਾਸ਼ ਨੂੰ ਖੁਰਦ ਬੁਰਦ ਕਰਨ ਦੀ ਨੀਅਤ ਨਾਲ ਗੱਡੀ ਦੀ ਪਿਛਲੀ ਸੀਟ 'ਤੇ ਪਈ ਲਾਸ਼ ਨੂੰ ਅੱਗ ਦਿੱਤੀ। ਪੁਲਿਸ਼ ਨੇ ਵਪਾਰੀ ਦੇ ਫੋਨ ਲੁਕੇਸ਼ਨ 'ਤੇ ਗੱਡੀ ਸਮੇਤ ਲਾਸ਼ ਨੂੰ ਕਬਜੇ 'ਚ ਲੈ ਕੇ ਪੋਸਟਮਾਟਮ ਲਈ ਲਾਸ਼ ਨੂੰ ਸਿਵਲ ਹਸਪਾਤਾਲ ਵਿੱਚ ਭੇਜਿਆ ਗਿਆ। ਮਿਲੀ ਜਾਣਕਾਰੀ ਦੇ ਅਨੁਸਾਰ ਵਪਾਰੀ ਰਵੀ ਸੋਬਤੀ ਕੱਲ ਸ਼ਾਮ ਆਪਣੇ ਘਰ ਕੰਮ ਕਰਨ ਵਾਲੀ ਪ੍ਰਵਾਸੀ ਮਹਿਲਾ ਨੂੰ ਪਿੰਡ ਮਹਾਲੋ ਤੋਂ ਲੈਣ ਵਾਸਤੇ ਗਿਆ ਸੀ ਪਰ ਵਾਪਸ ਨਹੀਂ ਆਇਆ। ਪਰਿਵਾਰ ਵੱਲੋਂ ਦਿੱਤੀ ਸ਼ਿਕਾਇਤ 'ਤੇ ਪੁਲਿਸ ਰਾਤ ਦੀ ਰਵੀ ਸੋਬਤੀ ਦੀ ਭਾਲ ਵੀ ਕਰ ਰਹੀ ਸੀ। ਕਤਲ ਕੀਤੀ ਲਾਸ਼ ਬਲਾਚੌਰ ਤੋਂ ਬਰਾਮਦ ਕੀਤੀ ਗਈ ਹੈ।

## ਗ੍ਰਹਿ ਮੰਤਰਾਲੇ ਨੇ ਜਾਰੀ ਕੀਤਾ ਵੱਡਾ ਹੁਕਮ

# ਅਨਮੋਲ ਬਿਸ਼ਨੋਈ ਨੂੰ ਹਿਰਾਸਤ ਵਿੱਚ ਨਹੀਂ ਲੈ ਸਕਣਗੀਆਂ ਜਾਂਚ ਏਜੰਸੀਆਂ

**ਨਵੀਂ ਦਿੱਲੀ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਗ੍ਰਹਿ ਮੰਤਰਾਲੇ ਨੇ ਗੈਂਗਸਟਰ ਅਨਮੋਲ ਬਿਸ਼ਨੋਈ ਨੂੰ ਕਿਸੇ ਵੀ ਪੁਲਿਸ ਜਾਂ ਜਾਂਚ ਏਜੰਸੀ ਦੁਆਰਾ ਇੱਕ ਸਾਲ ਲਈ ਹਿਰਾਸਤ ਵਿੱਚ ਲੈਣ 'ਤੇ ਰੋਕ ਲਗਾ ਦਿੱਤੀ ਹੈ। ਇਹ ਫੈਸਲਾ ਭਾਰਤੀ ਦੰਡ ਸੰਹਿਤਾ ਦੀ ਧਾਰਾ 303 ਦੇ ਤਹਿਤ ਲਿਆ ਗਿਆ ਹੈ। ਕੇਂਦਰੀ ਮੰਤਰਾਲੇ ਦੇ ਹੁਕਮਾਂ ਅਨੁਸਾਰ ਹੁਣ ਕਿਸੇ ਵੀ ਰਾਜ ਪੁਲਿਸ ਬਲ ਜਾਂ ਏਜੰਸੀ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਦੇ ਅੰਦਰ ਅਨਮੋਲ ਬਿਸ਼ਨੋਈ ਤੋਂ ਪੁੱਛਗਿੱਛ ਕਰਨੀ ਪਵੇਗੀ। ਜ਼ਿਕਰਯੋਗ ਹੈ ਕਿ ਅਨਮੋਲ ਬਿਸ਼ਨੋਈ ਬਾਬਾ ਸਿੱਦੀਕੀ ਕਤਲ ਕੇਸ ਅਤੇ ਅਦਾਕਾਰ ਸਲਮਾਨ ਖਾਨ ਦੇ ਘਰ ਦੇ ਬਾਹਰ ਹਾਲ ਹੀ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਦਾ ਮੁੱਖ ਮੁਲਜ਼ਮ ਹੈ। ਦੱਸ ਦਈਏ ਕਿ ਗ੍ਰਹਿ ਮੰਤਰਾਲੇ ਨੇ ਲਾਰੈਂਸ ਬਿਸ਼ਨੋਈ ਲਈ ਵੀ ਅਜਿਹਾ ਹੀ ਹੁਕਮ ਜਾਰੀ ਕੀਤਾ ਸੀ, ਜੋ ਇੱਕ ਸਾਲ ਤੋਂ ਵੱਧ ਸਮੇਂ ਤੋਂ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਹੈ। ਇਹ ਅਸਾਧਾਰਨ ਉਪਾਅ ਅਨਮੋਲ ਦੇ ਅਦਾਲਤੀ ਮਾਮਲਿਆਂ ਦੌਰਾਨ ਉਸਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤੇ ਗਏ ਹਨ। ਵਿਸ਼ੇਸ਼ ਐਨਆਈਏ ਜੱਜ ਨੇ ਸੁਣਵਾਈ ਨੂੰ ਨਿਯਮਤ ਅਦਾਲਤ ਤੋਂ ਐਨਆਈਏ ਹੈੱਡਕੁਆਰਟਰ ਵਿੱਚ ਤਬਦੀਲ ਕਰ ਦਿੱਤਾ ਜਦੋਂ ਉਸਦੇ ਵਕੀਲ ਨੇ ਉਸਦੀ ਜਾਨ ਨੂੰ ਖ਼ਤਰਾ ਦੱਸਦਿਆਂ ਅਰਜ਼ੀ ਦਾਇਰ ਕੀਤੀ। ਅਨਮੋਲ ਬਿਸ਼ਨੋਈ ਦੀ ਸ਼ੁੱਕਰਵਾਰ ਨੂੰ ਪੇਸ਼ੀ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ। ਦਰਅਸਲ, ਗੈਂਗਸਟਰ ਅਨਮੋਲ ਬਿਸ਼ਨੋਈ ਨੇ ਆਪਣੀ ਜਾਨ ਨੂੰ ਖ਼ਤਰਾ ਦੱਸਦੇ ਹੋਏ ਸੁਰੱਖਿਆ ਦੀ ਬੇਨਤੀ ਕੀਤੀ ਸੀ। ਉਸਨੇ ਐਨਆਈਏ ਅਦਾਲਤ ਤੋਂ ਸੁਰੱਖਿਆ ਦੀ ਬੇਨਤੀ ਕੀਤੀ ਸੀ, ਇਹ ਕਹਿੰਦੇ ਹੋਏ ਕਿ ਉਸਦੀ ਜਾਨ ਨੂੰ ਪਾਕਿਸਤਾਨੀ ਗੈਂਗਸਟਰ ਸ਼ਿਹਜ਼ਾਦ ਭੱਟੀ ਤੋਂ ਗੰਭੀਰ ਖ਼ਤਰਾ ਹੈ। ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ ਇੱਕ ਵੀਡੀਓ ਵਿੱਚ ਅਨਮੋਲ ਅਤੇ ਉਸਦੇ ਪਰਿਵਾਰ ਨੂੰ ਖੁੱਲ੍ਹੇਆਮ ਕਤਲ ਦੀ ਧਮਕੀ ਦਿੱਤੀ ਗਈ ਹੈ।



## ਜਲੰਧਰ ਪੱਛਮੀ ਹਲਕੇ ਤੋਂ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਦੇ ਭਤੀਜੇ ਦਾ ਬੇਰਹਿਮੀ ਨਾਲ ਕਤਲ, ਕਾਤਲ ਗ੍ਰਿਫ਼ਤਾਰ

**ਜਲੰਧਰ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ, ਭਾਜਪਾ ਆਗੂ ਸ਼ੀਤਲ ਅੰਗੁਰਾਲ ਦੇ ਭਤੀਜੇ ਦਾ ਕਤਲ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਉਸਦੀ ਇੱਕ ਸ਼ਖਸ ਨਾਲ ਲੜਾਈ ਹੋਈ, ਅਤੇ ਫਿਰ ਵਿਕਾਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ। ਮੁਲਜ਼ਮ ਉਸਨੂੰ ਸੜਕ 'ਤੇ ਗੰਭੀਰ ਹਾਲਤ ਵਿੱਚ ਛੱਡ ਕੇ ਭੱਜ ਗਿਆ। ਪਰਿਵਾਰ ਨੇ ਉਸਨੂੰ ਹਸਪਤਾਲ ਪਹੁੰਚਾਇਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਘਟਨਾ ਤੋਂ ਬਾਅਦ, ਜ਼ਿਲ੍ਹੇ ਭਰ ਦੇ ਭਾਜਪਾ ਨੇਤਾ ਹਸਪਤਾਲ ਪਹੁੰਚ ਗਏ। ਪੁਲਿਸ ਟੀਮਾਂ ਵੀ ਮੌਕੇ 'ਤੇ ਪਹੁੰਚੀਆਂ। ਇਸ ਦੌਰਾਨ ਸ਼ੀਤਲ ਅੰਗੂਰਾਲ ਦੇ ਭਤੀਜੇ ਵਿਕਾਸ ਅੰਗੁਰਾਲ ਦੇ ਕਤਲ ਮਾਮਲੇ 'ਚ ਮੁੱਖ ਆਰੋਪੀ ਕਾਲੂ ਨੂੰ ਥਾਣਾ 5 ਦੀ ਪੁਲਿਸ ਨੇ ਬਸਤੀ ਖੇਤਰ ਤੋਂ ਗ੍ਰਿਫ਼ਤਾਰ ਕੀਤਾ ਹੈ। ਵਿਕਾਸ ਦਾ ਅੰਤਿਮ ਸਸਕਾਰ ਦੁਪਹਿਰ 12 ਵਜੇ ਤੋਂ ਬਾਅਦ ਕੀਤਾ ਗਿਆ। ਸ਼ੀਤਲ ਅੰਗੂਰਾਲ ਅਨੁਸਾਰ ਕਾਲੂ ਨਾਮ ਦੇ ਇੱਕ ਨੌਜਵਾਨ ਨੇ ਉਸ 'ਤੇ ਹਮਲਾ ਕੀਤਾ। ਮ੍ਰਿਤਕ ਨੌਜਵਾਨ ਵਿਕਾਸ (17) ਹੈ। ਆਰੋਪੀ ਨੇ ਵਿਕਾਸ ਨੂੰ ਛਾਤੀ ਵਿੱਚ ਤਿੰਨ ਵਾਰ ਚਾਕੂ ਮਾਰਿਆ ਸੀ। ਫਿਰ ਉਹ ਗਲੀ ਵਿੱਚ ਭੱਜ ਗਿਆ, ਜ਼ਖਮੀ ਹੋ ਗਿਆ ਅਤੇ ਇੱਕ ਔਰਤ ਤੋਂ ਪਾਣੀ ਮੰਗਿਆ। ਜਦੋਂ ਤੱਕ ਉਹ ਪਾਣੀ ਲੈ ਕੇ ਵਾਪਸ ਆਈ ਤਾਂ ਨੌਜਵਾਨ ਗਲੀ ਵਿੱਚ ਬੇਹੋਸ਼ ਹੋ ਕੇ ਡਿੱਗ ਪਿਆ ਸੀ। ਉਸਨੂੰ ਤੁਰੰਤ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਸ਼ੁੱਕਰਵਾਰ ਰਾਤ ਲਗਭਗ 11:30 ਵਜੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਲਾਸ਼ ਹਸਪਤਾਲ ਤੋਂ ਘਰ ਪਹੁੰਚਣ ਤੋਂ ਬਾਅਦ ਪਰਿਵਾਰ ਦਾ ਰੋ-ਰੋ ਬੁਰਾ ਹਾਲ ਹੈ। ਵਿਕਾਸ ਦੀ ਮਾਂ ਨੇ ਰੋਂਦਿਆਂ ਕਿਹਾ ਕਿ ਆਰੋਪੀ ਨੂੰ ਵੀ ਉਸਦੇ ਪੁੱਤ ਵਾਂਗ ਮਰਨਾ ਚਾਹੀਦਾ ਹੈ। ਉਸਨੇ ਆਪਣੇ ਪੁੱਤਰ ਦੇ ਸਿਰ 'ਤੇ 'ਸੇਹਰਾ' ਬੰਨ੍ਹਿਆ ਅਤੇ ਫਿਰ ਉਸਨੂੰ ਅੰਤਿਮ ਵਿਦਾਈ ਦੇਣ ਲਈ ਉਸਦੇ ਮੱਥੇ ਨੂੰ ਚੁੰਮਿਆ।



## ਡਾ. ਨਵਜੋਤ ਕੌਰ ਸਿੱਧੂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗੀ ਸੁਰੱਖਿਆ, ਕਿਹਾ- ਮੇਰੀ ਸੁਰੱਖਿਆ ਦੀ ਜ਼ਿੰਮੇਵਾਰੀ ਤੁਹਾਡੀ ਹੋਵੇਗੀ

**ਚੰਡੀਗੜ੍ਹ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਅੰਦਰ ਭ੍ਰਿਸ਼ਟਾਚਾਰ ਦੇ ਦੋਸ਼ ਲਗਾਉਣ ਤੋਂ ਬਾਅਦ, ਨਵਜੋਤ ਕੌਰ ਸਿੱਧੂ ਨੇ ਹੁਣ ਆਮ ਆਦਮੀ ਪਾਰਟੀ ਸਰਕਾਰ 'ਤੇ ਗੰਭੀਰ ਦੋਸ਼ ਲਗਾਏ ਹਨ ਅਤੇ ਸੁਰੱਖਿਆ ਦੀ ਮੰਗ ਕੀਤੀ ਹੈ। ਸਿੱਧੂ ਦੇ ਬਿਆਨ ਨੇ ਪੰਜਾਬ ਵਿੱਚ ਰਾਜਨੀਤਿਕ ਹੰਗਾਮਾ ਮਚਾ ਦਿੱਤਾ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦਾ ਮੁੱਖ ਮੰਤਰੀ ਬਣਨ ਲਈ 500 ਕਰੋੜ ਰੁਪਏ ਦੇ ਸੂਟਕੇਸ ਦੀ ਲੋੜ ਹੁੰਦੀ ਹੈ। ਇਸ ਤੋਂ ਬਾਅਦ, ਕਾਂਗਰਸ ਪਾਰਟੀ ਨੇ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਪਾਰਟੀ ਤੋਂ ਮੁਅੱਤਲ ਕਰ ਦਿੱਤਾ। ਹੁਣ ਨਵਜੋਤ ਕੌਰ ਨੇ ਭਗਵੰਤ ਮਾਨ ਦੀ ਸਰਕਾਰ 'ਤੇ ਹਮਲਾ ਬੋਲਦਿਆਂ ਕਿਹਾ ਹੈ ਕਿ ਇਹ ਸ਼ਰਾਬ ਅਤੇ ਮਾਈਨਿੰਗ ਮਾਫੀਆ ਨਾਲ ਮਿਲੀਭੁਗਤ ਵਿੱਚ ਹੈ, ਅਤੇ ਉਸਨੂੰ ਸੁਰੱਖਿਆ ਦੀ ਲੋੜ ਹੈ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ, ਉਸਨੇ ਕਿਹਾ ਕਿ ਉਹ ਖ਼ਤਰੇ ਵਿੱਚ ਹੈ ਅਤੇ ਮੁੱਖ ਮੰਤਰੀ ਨੂੰ ਉਸਨੂੰ ਸੁਰੱਖਿਆ ਪ੍ਰਦਾਨ ਕਰਨੀ ਚਾਹੀਦੀ ਹੈ। ਉਸਨੇ ਕਿਹਾ ਕਿ ਉਸਨੇ ਪਹਿਲਾਂ ਪੰਜਾਬ ਦੇ ਰਾਜਪਾਲ ਕੋਲ ਕਈ ਮੁੱਦੇ ਉਠਾਏ ਹਨ ਪਰ ਕੋਈ ਜਵਾਬ ਨਹੀਂ ਮਿਲਿਆ। ਰਾਜਪਾਲ ਨੂੰ ਲਿਖੇ ਆਪਣੇ ਪੱਤਰ ਵਿੱਚ, ਸਿੱਧੂ ਨੇ ਇਲਜ਼ਾਮ ਲਗਾਇਆ ਕਿ ਮੌਜੂਦਾ ਸਰਕਾਰ ਇੱਕ ਵੱਡਾ ਜ਼ਮੀਨ ਘੁਟਾਲਾ ਕਰ ਰਹੀ ਹੈ। ਉਸਨੇ ਦਾਅਵਾ ਕੀਤਾ ਕਿ ਮੌਜੂਦਾ ਸਰਕਾਰ ਸ਼ਿਵਾਲਿਕ ਪੱਟੀ ਅਤੇ ਸੁਰੱਖਿਅਤ ਜੰਗਲੀ ਖੇਤਰਾਂ ਵਿੱਚ ਜ਼ਮੀਨ ਦੇ ਵੱਡੇ ਹਿੱਸਿਆਂ ਨੂੰ ਨਿਯਮਤ ਕਰ ਰਹੀ ਹੈ। ਉਸਨੇ ਕਿਹਾ ਕਿ ਇਹ ਜ਼ਮੀਨ ਸਸਤੇ ਭਾਅ 'ਤੇ ਹੜੱਪੀ ਗਈ ਸੀ ਅਤੇ ਹੁਣ ਇਸਨੂੰ ਕਾਨੂੰਨੀ ਰੂਪ ਦਿੱਤਾ ਜਾ ਰਿਹਾ ਹੈ। ਉਸਨੇ ਅੱਗੇ ਕਿਹਾ ਕਿ ਜਦੋਂ ਉਸਦੇ ਪਤੀ, ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰਾਂ ਮੰਤਰੀ ਸਨ, ਤਾਂ ਉਸਨੇ ਇਸ ਫਾਈਲ 'ਤੇ ਦਸਤਖਤ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਅਧੀਨ ਸੂਬੇ ਵਿੱਚ ਅਪਰਾਧ ਤੇਜ਼ੀ ਨਾਲ ਵਧ ਰਹੇ ਹਨ। ਇਸ ਤੋਂ ਇਲਾਵਾ, ਹਥਿਆਰਾਂ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਡਰਾਇਆ ਜਾ ਰਿਹਾ ਹੈ ਅਤੇ ਭੱਜਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਢਹਿ ਗਈ ਹੈ। ਇਸ ਲਈ ਰਾਜਪਾਲ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣਾ ਚਾਹੀਦਾ ਹੈ ਅਤੇ ਇਨ੍ਹਾਂ ਮੁੱਦਿਆਂ 'ਤੇ ਚਰਚਾ ਕਰਨੀ ਚਾਹੀਦੀ ਹੈ। ਕਾਬਿਲੇਗੌਰ ਹੈ ਕਿ ਪਾਰਟੀ ਤੋਂ ਮੁਅੱਤਲ ਕੀਤੇ ਜਾਣ ਤੋਂ ਬਾਅਦ ਵੀ, ਨਵਜੋਤ ਕੌਰ ਸਿੱਧੂ ਨੇ ਕਿਹਾ ਕਿ ਉਹ ਹਮੇਸ਼ਾ ਪਾਰਟੀ ਦੇ ਨਾਲ ਰਹਿਣਗੇ। ਉਨ੍ਹਾਂ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ 'ਤੇ ਪਾਰਟੀ ਨੂੰ ਬਰਬਾਦ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ, "ਅਸੀਂ ਹਮੇਸ਼ਾ ਕਾਂਗਰਸ ਦੇ ਨਾਲ ਹਾਂ। ਅਸੀਂ ਆਪਣਾ ਸੂਬਾ ਜਿੱਤਾਂਗੇ ਅਤੇ ਆਪਣੇ ਪਿਆਰੇ ਅਤੇ ਕੁਰਬਾਨੀ ਦੇ ਪ੍ਰਤੀਕ, ਗਾਂਧੀ ਪਰਿਵਾਰ ਨੂੰ ਤੋਹਫ਼ਾ ਦੇਵਾਂਗੇ।"



## ਫੁੱਟਬਾਲਰ ਲਿਓਨਲ ਮੇਸੀ ਪਹੁੰਚੇ ਕੋਲਕਾਤਾ, ਪ੍ਰਸ਼ੰਸਕ ਇੱਕ ਝਲਕ ਪਾਉਣ ਲਈ ਹੋਏ ਉਤਸ਼ਾਹਿਤ



**ਕੋਲਕਾਤਾ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਰਜਨਟੀਨਾ ਦੇ ਫੁੱਟਬਾਲ ਦਿੱਗਜ ਲਿਓਨਲ ਮੈਸੀ ਸ਼ਨੀਵਾਰ ਨੂੰ ਆਪਣੇ ਭਾਰਤ ਦੌਰੇ ਲਈ ਕੋਲਕਾਤਾ ਪਹੁੰਚੇ। ਮੈਸੀ ਸਵੇਰੇ ਜਲਦੀ ਕੋਲਕਾਤਾ ਪਹੁੰਚੇ ਅਤੇ ਸਮਾਂ ਹੋਣ ਦੇ ਬਾਵਜੂਦ, ਪ੍ਰਸ਼ੰਸਕ ਉਨ੍ਹਾਂ ਨੂੰ ਦੇਖਣ ਲਈ ਹਵਾਈ ਅੱਡੇ 'ਤੇ ਮੌਜੂਦ ਸਨ। ਉਨ੍ਹਾਂ ਦੇ ਆਉਣ 'ਤੇ ਪੂਰੇ ਸ਼ਹਿਰ ਵਿੱਚ ਬਹੁਤ ਉਤਸ਼ਾਹ ਸੀ। ਕੋਲਕਾਤਾ ਸਭ ਤੋਂ ਵੱਧ ਫੁੱਟਬਾਲ ਪ੍ਰੇਮੀ ਭਾਰਤੀ ਸ਼ਹਿਰਾਂ ਵਿੱਚੋਂ ਇੱਕ ਹੈ ਅਤੇ ਮੈਸੀ ਦੇ ਆਉਣ ਨੇ ਇਹ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ। ਅਰਜਨਟੀਨਾ ਦੇ ਸਟਾਰ ਫੁੱਟਬਾਲਰ ਮੈਸੀ ਮਿਆਮੀ ਅਤੇ ਦੁਬਈ ਹੁੰਦੇ ਹੋਏ ਕੋਲਕਾਤਾ ਪਹੁੰਚੇ ਹਨ। ਹਜ਼ਾਰਾਂ ਪ੍ਰਸ਼ੰਸਕ ਦੇਰ ਰਾਤ ਹਵਾਈ ਅੱਡੇ ਦੇ ਬਾਹਰ ਮੈਸੀ ਦੀ ਇੱਕ ਝਲਕ ਪਾਉਣ ਲਈ ਇਕੱਠੇ ਹੋਏ। ਖੁਸ਼ੀ ਦੇ ਸ਼ਹਿਰ ਵਜੋਂ ਮਸ਼ਹੂਰ ਇਸ ਸ਼ਹਿਰ ਵਿੱਚ ਉਨ੍ਹਾਂ ਦੇ ਆਉਣ 'ਤੇ ਇੱਕ ਵੱਖਰਾ ਹੀ ਉਤਸ਼ਾਹ ਦੇਖਣ ਨੂੰ ਮਿਲਿਆ। ਮੈਸੀ ਦੇ ਪ੍ਰਸ਼ੰਸਕ ਉਸਨੂੰ ਦੇਖ ਕੇ ਬਹੁਤ ਖੁਸ਼ ਹੋਏ ਅਤੇ "ਮੈਸੀ, ਮੈਸੀ!" ਦੇ ਨਾਅਰੇ ਲਗਾਏ। ਉਸਦੇ ਆਉਣ 'ਤੇ ਪ੍ਰਸ਼ੰਸਕਾਂ ਨੇ ਅਰਜਨਟੀਨਾ ਦੇ ਝੰਡੇ ਲਹਿਰਾਏ, ਅਤੇ ਬਹੁਤ ਸਾਰੇ ਆਪਣੇ ਮਨਪਸੰਦ ਖਿਡਾਰੀ ਦੀ ਇੱਕ ਝਲਕ ਦੇਖਣ ਲਈ ਬੈਰੀਕੇਡਾਂ 'ਤੇ ਚੜ੍ਹ ਗਏ। ਹਾਲਾਂਕਿ, ਪੁਲਿਸ ਨੇ ਸੁਰੱਖਿਆ ਉਪਾਅ ਸਖ਼ਤ ਕਰ ਦਿੱਤੇ ਹਨ। ਹਵਾਈ ਅੱਡੇ ਦੇ ਆਲੇ-ਦੁਆਲੇ ਸਖ਼ਤ ਸੁਰੱਖਿਆ ਉਪਾਅ ਤਾਇਨਾਤ ਕੀਤੇ ਗਏ ਸਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਸ਼ੰਸਕ ਆਪਣੇ ਉਤਸ਼ਾਹ ਵਿੱਚ ਕੁਝ ਵੀ ਗੁਆ ਨਾ ਜਾਣ। ਮੈਸੀ ਦੇ ਆਉਣ ਤੋਂ ਪਹਿਲਾਂ, ਕੋਲਕਾਤਾ ਹਵਾਈ ਅੱਡੇ 'ਤੇ ਉਸਦੇ ਪ੍ਰਸ਼ੰਸਕਾਂ ਦੀ ਇੱਕ ਵੱਡੀ ਭੀੜ ਦੇਖੀ ਗਈ। ਇੱਕ ਪ੍ਰਸ਼ੰਸਕ ਨੇ ਕਿਹਾ ਕਿ ਅਸੀਂ ਦੋ ਘੰਟਿਆਂ ਤੋਂ ਉਸਦਾ ਇੰਤਜ਼ਾਰ ਕਰ ਰਹੇ ਹਾਂ, ਅਤੇ ਜੇ ਲੋੜ ਪਈ, ਤਾਂ ਅਸੀਂ ਚਾਰ ਘੰਟੇ ਵੀ ਇੰਤਜ਼ਾਰ ਕਰਾਂਗੇ। ਅਜਿਹਾ ਮੌਕਾ ਜ਼ਿੰਦਗੀ ਵਿੱਚ ਇੱਕ ਵਾਰ ਆਉਂਦਾ ਹੈ। ਦੱਸ ਦਈਏ ਕਿ ਮੇਸੀ ਭਾਰਤ ਦੇ ਤਿੰਨ ਦਿਨਾਂ ਦੌਰੇ 'ਤੇ ਹੈ। ਉਹ ਇਸ ਸਮੇਂ ਕੋਲਕਾਤਾ ਵਿੱਚ ਹੈ। ਉਹ ਫਿਰ ਹੈਦਰਾਬਾਦ, ਫਿਰ ਮੁੰਬਈ ਅਤੇ ਦਿੱਲੀ ਦੀ ਯਾਤਰਾ ਕਰੇਗਾ। ਕੋਲਕਾਤਾ ਵਿੱਚ, ਉਹ ਸਵੇਰੇ 9:30 ਵਜੇ ਤੋਂ 10:30 ਵਜੇ ਤੱਕ ਇੱਕ ਨਿੱਜੀ ਸਮਾਗਮ ਵਿੱਚ ਹਿੱਸਾ ਲਵੇਗਾ, ਜਿਸ ਵਿੱਚ ਸਿਰਫ਼ ਚੋਣਵੇਂ ਮਹਿਮਾਨ ਅਤੇ ਪ੍ਰਬੰਧਕ ਹੀ ਸ਼ਾਮਲ ਹੋਣਗੇ। ਇਸ ਤੋਂ ਬਾਅਦ, ਮੈਸੀ ਵਰਚੁਅਲ ਤੌਰ 'ਤੇ ਔਨਲਾਈਨ ਆਪਣੇ ਇੱਕ ਬੁੱਤ ਦਾ ਉਦਘਾਟਨ ਕਰਨਗੇ।

## ਪੰਜਾਬ ਦੇ ਇਸ ਜ਼ਿਲ੍ਹੇ ਦੇ ਗੁਰਦੁਆਰਾ ਸਾਹਿਬ 'ਚ ਹੋਈ ਬੇਅਦਬੀ, ਨਸ਼ੇ 'ਚ ਧੁੱਤ ਨੌਜਵਾਨ ਨੇ ਕੀਤਾ ਆਹ ਕੰਮ



**ਫਿਰੋਜ਼ਪੁਰ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਦੇ ਪਿੰਡ ਜੀਵਾਂ ਅਰਾਈ ਦੇ ਗੁਰੂਦੁਆਰਾ ਸਾਹਿਬ ਵਿਖੇ ਇੱਕ ਨਸ਼ੇੜੀ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ ਹੈ। ਇਹ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਸਥਾਨਕ ਨਿਵਾਸੀਆਂ ਨੇ ਦੋਸ਼ੀ ਨੌਜਵਾਨ ਨੂੰ ਫੜ ਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਹੈ। ਪੁਲਿਸ ਨੇ ਉਸਨੂੰ ਹਿਰਾਸਤ ਵਿੱਚ ਲੈਕੇ ਫੁਟੇਜ ਦੀ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ ਜਦੋਂ ਗੁਰਦੁਆਰੇ ਦੇ ਗ੍ਰੰਥੀ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਲਿਜਾਣ ਦੀ ਤਿਆਰੀ ਕਰ ਰਹੇ ਸਨ, ਤਾਂ ਇੱਕ ਸ਼ਰਾਬੀ ਨੌਜਵਾਨ ਮੌਕੇ 'ਤੇ ਪਹੁੰਚਿਆ ਅਤੇ ਨਸ਼ੇ ਦੀ ਹਾਲਤ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਉੱਪਰ ਰੱਖੇ ਰੁਮਾਲੇ ਸਾਹਿਬ ਨੂੰ ਖਿੱਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹੇਠਾਂ ਸੁੱਟਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ, ਪਾਠੀ ਸਾਹਿਬਾਂ ਅਤੇ ਮੌਕੇ 'ਤੇ ਮੌਜੂਦ ਹੋਰ ਲੋਕਾਂ ਨੇ ਉਸਨੂੰ ਫੜ ਲਿਆ ਅਤੇ ਉਸਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਹਾਲਾਂਕਿ, ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਦੋਸ਼ੀ ਨੂੰ ਸਮੇਂ ਸਿਰ ਨਾ ਫੜਿਆ ਜਾਂਦਾ, ਤਾਂ ਉਹ ਇਹ ਘਿਨਾਉਣਾ ਕੰਮ ਕਰ ਸਕਦਾ ਸੀ। ਮੌਕੇ 'ਤੇ ਪੁਲਿਸ ਨੂੰ ਬੁਲਾਇਆ ਗਿਆ ਅਤੇ ਦੋਸ਼ੀ ਨੂੰ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਗਿਆ। ਪੁਲਿਸ ਮੌਕੇ 'ਤੇ ਪਹੁੰਚੀ ਅਤੇ ਦੋਸ਼ੀ ਨੂੰ ਹਿਰਾਸਤ ਵਿੱਚ ਲੈ ਕੇ ਪੁਲਿਸ ਥਾਣੇ ਲੈ ਗਈ। ਪੁਲਿਸ ਦਾ ਕਹਿਣਾ ਹੈ ਕਿ ਪਿੰਡ ਵਾਸੀਆਂ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਦੋਸ਼ੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਇਸ ਮਾਮਲੇ ਦੀ ਫਿਲਹਾਲ ਜਾਂਚ ਚੱਲ ਰਹੀ ਹੈ। ਜਾਂਚ ਦੌਰਾਨ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ

ਖਾਲ਼ਸਾ ਮੈਮੋਰੀਅਲ ਹਸਪਤਾਲ

ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'





### ਜ਼ਿਲ੍ਹੇ ਦੀਆਂ ਸਾਰੀਆਂ ਪੋਲਿੰਗ ਪਾਰਟੀਆਂ ਨਿਰਧਾਰਤ ਪੋਲਿੰਗ ਸਟੇਸ਼ਨਾਂ ਵੱਲ ਰਵਾਨਾ- ਜ਼ਿਲ੍ਹਾ ਚੋਣ ਅਫ਼ਸਰ

# ਚੋਣਾਂ ਨੂੰ ਪਾਰਦਰਸ਼ੀ ਅਤੇ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਪ੍ਰਬੰਧ ਮੁਕੰਮਲ

ਬਠਿੰਡਾ/ਤਲਵੰਡੀ ਸਾਬੋ, 13 ਦਸੰਬਰ (ਗੁਰਜੰਟ ਸਿੰਘ ਨਥੇਹਾ)- ਜ਼ਿਲ੍ਹੇ ਅੰਦਰ 14 ਦਸੰਬਰ ਨੂੰ ਪੈਣ ਵਾਲੀਆਂ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਨੂੰ ਪਾਰਦਰਸ਼ੀ, ਸੁਚੱਜੇ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਜ਼ਿਲ੍ਹੇ ਦੇ 8 ਬਲਾਕ ਬਠਿੰਡਾ, ਮੌੜ, ਰਾਮਪੁਰਾ, ਤਲਵੰਡੀ ਸਾਬੋ, ਗੋਨਿਆਣਾ, ਨਥਾਣਾ, ਫੂਲ ਅਤੇ ਸੰਗਤ ਲਈ ਸਾਰੀਆਂ ਪੋਲਿੰਗ

ਆਵਾਜ਼ਿ ਕੌਮ
AWAZE QAUM
International Newspaper & WEB TV

ਪਾਰਟੀਆਂ ਅੱਜ ਆਪਣੇ-ਆਪਣੇ ਨਿਰਧਾਰਤ ਪੋਲਿੰਗ ਸਟੇਸ਼ਨਾਂ ਵੱਲ ਰਵਾਨਾ ਹੋ ਗਈਆਂ। ਇਹਨਾਂ ਚੋਣਾਂ ਦੇ ਮੱਦੇਨਜ਼ਰ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਹਰ ਪੱਧਰ 'ਤੇ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਤਿਆਰੀਆਂ ਕੀਤੀਆਂ ਗਈਆਂ ਹਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਜੇਸ਼ ਧੀਮਾਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹਨਾਂ ਕਿਹਾ ਕਿ 14 ਦਸੰਬਰ 2025 ਨੂੰ ਵੋਟਿੰਗ ਸਵੇਰੇ 8 ਤੋਂ ਲੈ ਕੇ ਸ਼ਾਮ 4 ਵਜੇ ਤੱਕ ਹੋਵੇਗੀ ਅਤੇ ਵੋਟਰਾਂ ਦੀ ਸੁਵਿਧਾ ਅਤੇ ਸੁਰੱਖਿਆ ਲਈ ਮੁਕੰਮਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ 'ਤੇ ਬੁਨਿਆਦੀ ਸਹੂਲਤਾਂ, ਸੁਰੱਖਿਆ ਬਲਾਂ ਦੀ ਤਾਇਨਾਤੀ ਅਤੇ ਚੋਣ ਅਮਲੇ ਦੀ ਪੂਰੀ ਤਿਆਰੀ ਯਕੀਨੀ ਬਣਾਈ ਗਈ ਹੈ ਤਾਂ ਜੋ ਵੋਟਿੰਗ ਪ੍ਰਕਿਰਿਆ ਸੁਚੱਜੀ ਢੰਗ ਨਾਲ ਸੰਪੰਨ ਹੋ ਸਕੇ। ਉਹਨਾਂ

**ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਵੋਟਾਂ, 17 ਦਸੰਬਰ ਨੂੰ ਹੋਵੇਗੀ ਗਿਣਤੀ**

ਇਹ ਵੀ ਕਿਹਾ ਕਿ 17 ਦਸੰਬਰ ਨੂੰ ਇਹਨਾਂ ਵੋਟਾਂ ਦੀ ਗਿਣਤੀ ਹੋਵੇਗੀ ਅਤੇ ਨਤੀਜੇ ਵੀ ਉਸੇ ਦਿਨ ਹੀ ਘੋਸ਼ਿਤ ਕੀਤੇ ਜਾਣਗੇ। ਇਸ ਮੌਕੇ ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਚੋਣਾਂ ਨੂੰ ਸ਼ਾਂਤੀ ਪੂਰਵਕ ਤਰੀਕੇ ਨਾਲ ਕਰਵਾਉਣ ਲਈ ਪੁਲਿਸ ਵਿਭਾਗ ਵੱਲੋਂ ਕੁੱਲ 1812 ਅਧਿਕਾਰੀ ਅਤੇ ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਜਿਨਾਂ ਵੱਲੋਂ ਸਮੇਂ-ਸਮੇਂ 'ਤੇ ਬਣਾਏ ਗਏ 826 ਪੋਲਿੰਗ ਬੂਥਾਂ ਉੱਤੇ ਜਾ ਕੇ ਵਿਸ਼ੇਸ਼ ਨਜ਼ਰਸਾਨੀ ਰੱਖੀ ਜਾਵੇਗੀ। ਜ਼ਿਲ੍ਹਾ ਚੋਣ ਅਫਸਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਆਪਣੇ ਲੋਕਤੰਤਰਿਕ ਅਧਿਕਾਰ ਦਾ ਪ੍ਰਯੋਗ ਕਰਨ ਅਤੇ ਚੋਣ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

**ਜਨਮ ਦਿਵਸ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 13 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 14 ਦਸੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਗੁਲਰਾਂਜ ਕੋਰ ਅਕਾਲੀ ਜਥਾ ਕਰਮੋਨੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

**ਪੰਜਾਬ ਦੀ ਹਕੂਮਤ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਖਿਲਾਫ ਬਿੱਡੀ ਹੋਈ ਆ ਗੁਰੀਲਾ ਵਾਰ**

# ਪੰਜਾਬ ਹਕੂਮਤ ਦੀ ਸਾਮ ਧਾਮ ਡੰਡ ਭੇਦ ਵਾਲੀ ਰਣਨੀਤੀ ਨੇ ਵਾਰਿਸ ਪੰਜਾਬ ਦੇ ਜਥੇਬੰਦੀ ਨੂੰ ਭਰਾ ਮਾਰੂ ਜੰਗ ਚ ਉਲਝਾ ਦਿੱਤਾ





ਕਾਨੂੰਨ ਨੂੰ ਕਿਸੇ ਵੀ ਤਰੀਕੇ ਨਾਲ ਵਰਤ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜੇਲ ਦੇ ਵਿੱਚ ਰੱਖਣਾ , ਪੰਜਾਬ ਦੀ ਹੁਕਮ

ਆਵਾਜ਼ਿ ਕੌਮ AWAZE QAUM International Newspaper & WEB TV

ਦਾ ਇਸ ਗੱਲ ਤੇ ਪੂਰਾ ਜ਼ੋਰ ਲੱਗਿਆ ਹੋਇਆ ਹੈ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਵਿਚਾਰਕ ਸ਼ਬਦਾਂ ਦੀ ਚੋਣ ਅਤੇ ਮਾਨਸਿਕ ਤੌਰ ਤੇ ਬੌਧਿਕ ਵਿਕਾਸ ਅੱਗੇ ਹਕੂਮਤ ਗੋਡਿਆਂ ਭਾਰ ਨਜ਼ਰ ਆ ਰਹੀ ਹੈ । ਪਿਛਲੀਆਂ ਬਹੁਤ ਸਾਰੀਆਂ ਲਿਖਤਾਂ ਦੇ ਵਿੱਚ ਮੈਂ ਇਸ ਗੱਲ ਦਾ ਜ਼ਿਕਰ ਕਰ ਚੁੱਕਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਬਰਾਬਰ ਦਾ ਬੁਲਾਰਾ ਪੰਜਾਬ ਦੀ ਹਕੂਮਤ ਕੋਲ ਤਾਂ ਕੀ ? ਕੇਂਦਰ ਕੋਲ ਵੀ ਨਹੀਂ ਹੈ । ਪੰਜਾਬ ਦੀ ਹਕੂਮਤ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਖਿਲਾਫ ਵੱਡੇ ਪੱਧਰ ਤੇ ਗੁਰੀਲਾ ਬੌਰ ਬਿੱਡੀ ਹੋਈ । ਹਕੂਮਤ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਖਿਲਾਫ ਵਿਚਾਰਕ ਮਤ ਭੇਦਾਂ ਵਾਲੀਆਂ ਸ਼ਖਸੀਅਤਾਂ ਨੂੰ ਟੂਲ ਵਾਂਗ ਵਰਤਿਆ, ਹਕੂਮਤ ਵੱਲੋਂ ਜੋ ਕਿਹਾ ਜਾਂਦਾ ਹੈ ਕਿ ਉਹਨਾਂ ਨੂੰ ਮਾਰਨ ਦੀ ਪਲੈਨਿੰਗ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਘੜੀ ਜਾ ਰਹੀ ਸੀ । ਪੰਜਾਬ ਦੀ ਹਕੂਮਤ ਇਸ ਵੇਲੇ ਫੁੱਟ ਪਾਓ ਤੇ ਰਾਜ ਕਰੋ ਵਾਲੀ ਰਣਨੀਤੀ ਨੂੰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਖਿਲਾਫ ਵਰਤ ਰਹੀ ਹੈ । ਸਿੱਖ ਕੌਮ ਨੂੰ ਆਪਸ ਦੇ ਵਿੱਚ ਉਲਝਾਉਣਾ ਇਹ ਸਾਰੀ ਰਣਨੀਤੀਆਂ ਦਾ ਮੁੱਖ ਉਦੇਸ਼ ਹੈ । ਅਸਲ ਦੇ ਵਿੱਚ ਇਸ ਵੇਲੇ ਪੰਜਾਬ ਦੀਆਂ ਸਾਰੀ ਰਾਜਨੀਤਿਕ ਪਾਰਟੀਆਂ ਅੰਦਰ ਖਾਤੇ ਨਹੀਂ ਚਾਹੁੰਦੀਆਂ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੇਲ ਚੋਂ ਬਾਹਰ ਆਉਣ । ਹਾਲਾਂਕਿ ਵੋਟ ਬੈਂਕ ਨੂੰ ਉਕਸਾਉਣ ਲਈ ਬਹੁਤ ਸਾਰੇ ਰਾਜਨੀਤਿਕ ਲੀਡਰ ਇਸ ਵੇਲੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੈਰੋਲ ਦੇਣ ਦੇ ਹੱਕ ਵਿੱਚ ਆਪਣੀ ਆਵਾਜ਼ ਬੁਲੰਦ ਕਰਦੇ ਨਜ਼ਰ ਨੇ । ਇਸ ਵੇਲੇ ਪੰਜਾਬ ਦੀ ਹਕੂਮਤ ਦਾ ਸਾਮ ਧਾਮ ਡੰਡ ਭੇਦ ਵਾਲੀ ਰਣਨੀਤੀ ਦਾ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਖਿਲਾਫ ਸ਼ਿਖਰ ਨਜ਼ਰ ਆ ਰਿਹਾ ਹੈ । ਪਰ ਆਉਣ ਵਾਲੇ ਦਿਨਾਂ ਦੇ ਵਿੱਚ ਇਹ ਦੇਖਣਾ ਹੋਵੇਗਾ ਕਿ ਆਖਰ ਕਦੋਂ ਤੱਕ ਹਕੂਮਤਾਂ ਇਸ ਤਰੀਕੇ ਦੀਆਂ ਰਣਨੀਤੀਆਂ ਵਰਤ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜੇਲ ਵਿੱਚ ਰੱਖ ਪਾਉਣਗੀਆਂ ?

> **ਹਕੂਮਤ ਦੇ ਟੂਲ ਵਜੋਂ ਵਰਤੇ ਗਏ, ਜਿਨਾਂ ਨੂੰ ਕਿਹਾ ਜਾਂਦਾ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉਨਾਂ ਨੂੰ ਮਾਰਨ ਦੀ ਪਲੈਨਿੰਗ ਕਰ ਰਹੇ ਸੀ**

**-ਪਰਗਟ ਸਿੰਘ ਬਲਬੇੜਾ, 9022000070**

# ਕੌਮੀ ਲੋਕ ਅਦਾਲਤ ਵਿੱਚ 12994 ਕੇਸਾਂ ਦਾ ਕੀਤਾ ਗਿਆ ਨਿਪਟਾਰਾ

ਫ਼ਿਰੋਜ਼ਪੁਰ, 13 ਦਸੰਬਰ (ਮਨੋਹਰ ਲਾਲ) :— ਅੱਜ ਮਾਨਯੋਗ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਸਾਰੇ ਹਿੰਦੁਸਤਾਨ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ। ਇਨ੍ਹਾਂ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਨਯੋਗ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਮੋਹਾਲੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਾਹਿਬ ਫਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਜ਼ਿਲ੍ਹਾ ਫਿਰੋਜਪੁਰ ਵਿੱਚ ਕੁੱਲ 17 ਬੈਂਚ ਬਣਾਏ ਗਏ ਜਿਨ੍ਹਾਂ ਵਿੱਚ ਸੈਸ਼ਨ ਡਵੀਜਨ ਫਿਰੋਜਪੁਰ ਦੀਆਂ ਅਦਾਲਤਾਂ ਵਿੱਚ 11 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ, ਜੀਰਾ ਵਿਖੇ 3 ਬੈਂਚ ਅਤੇ ਗੁਰੂਹਰਸਹਾਏ ਵਿਖੇ 2 ਬੈਂਚ ਬਣਾਏ ਗਏ ਹਨ। ਜਾਣਕਾਰੀ ਮੁਤਾਬਕ ਇਸ ਲੋਕ ਅਦਾਲਤ ਵਿੱਚ ਕੁੱਲ 22017 ਕੇਸ ਲਗਾਏ ਗਏ ਜਿਨ੍ਹਾਂ ਵਿੱਚੋਂ 12994 ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਲੋਕ ਅਦਾਲਤ ਵਿੱਚ ਵੱਖ—ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਅਤੇ ਘਰੇਲੂ ਝਗੜਿਆਂ ਦੇ ਕੇਸ, ਇਖਰਾਜ ਰਿਪੋਰਟਾਂ, ਅਦਮਪਤਾ ਰਿਪੋਰਟਾਂ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਕੇਸ ਅਤੇ ਪ੍ਰੀ—ਲਿਟੀਗੇਟਿਵ ਕੇਸ ਜਿਨ੍ਹਾਂ ਵਿੱਚ ਬੈਂਕ ਰਿਕਵਰੀ ਪ੍ਰਾਈਵੇਟ ਫਾਇਨਾਂਸ ਕੰਪਨੀ, ਮੋਬਾਇਲ ਅਤੇ ਟੈਲੀਫੋਨ ਕੰਪਨੀਆਂ ਦੇ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਦੇ ਨਾਲ ਕੀਤਾ ਗਿਆ। ਲੋਕ ਅਦਾਲਤ ਵਿੱਚ ਆਉਣ ਵਾਲੇ ਲੋਕਾਂ ਦੀ ਮਦਦ ਅਤੇ ਪੁੱਛ—ਗਿੱਛ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ ਫਿਰੋਜਪੁਰ ਦੇ ਪਬਲਿਕ ਐਂਟਰੀ ਗੇਟ ਉਪਰ ਇੱਕ ਹੈਲਪ ਡੈਸਕ ਵੀ ਲਗਾਇਆ ਗਿਆ ਤਾਂ ਜੋ ਲੋਕਾਂ ਨੂੰ ਸੁਖਾਲਾ ਕੀਤਾ ਜਾ ਸਕੇ। ਇਸੇ ਤਰ੍ਹਾਂ ਹੀ ਦੋਨਾਂ ਸਬ—ਡਵੀਜਨਾਂ ਜ਼ੀਰਾ ਅਤੇ ਗੁਰੂਹਰਸਹਾਏ ਵਿਖੇ ਵੀ ਹੈਲਪ ਡੈਸਕ ਲਗਾਏ ਗਏ। ਪ੍ਰਬੰਧਕਾਂ ਨੇ ਦੱਸਿਆ ਕਿ ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੈ। ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਅਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁੱਕਦਮੇਬਾਜੀ ਤੋਂ ਮੁਕਤੀ ਮਿਲਦੀ ਹੈ ਅਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ। ਦੋਵੇਂ ਧਿਰਾਂ ਆਪਣੇ—ਆਪ ਨੂੰ ਜੇਤੂ ਮਹਿਸੂਸ ਕਰਦੀਆਂ ਹਨ ਅਤੇ ਕਿਸੇ ਵੀ ਧਿਰ ਦੀ ਹਾਰ ਨਹੀਂ ਹੁੰਦੀ।



ਆਵਾਜ਼ਿ ਕੌਮ AWAZE QAUM International Newspaper & WEB TV

**ਸਾਨੂੰ ਪੂਰੀਆਂ ਉਮੀਦਾਂ ਹਨ ਕਿ ਮਨੋਰੰਜਨ ਨਾਲ ਭਰਭੂਰ ਫਿਲਮ ਨੂੰ ਦਰਸ਼ਕ ਰੱਜਵਾਂ ਪਿਆਰ ਦੇਣਗੇ-ਗੁਰਮੀਤ ਹਠੂਰ**

# ਪੰਜਾਬੀ ਫਿਲਮ ਤੈਨੂੰ ਸੂਟ-ਸੂਟ ਕਰਦਾ ਅੱਜ ਹੋਵੇਗੀ ਰਿਲੀਜ਼

ਚੰਡੀਗੜ੍ਹ –(ਵਰਿਆਮ ਹਠੂਰ)ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਪਿਤਾ ਸਰਦਾਰ ਭਾਗ ਸਿੰਘ ਧਾਲੀਵਾਲ ਅਤੇ ਮਾਤਾ ਚਰਨਜੀਤ ਕੌਰ ਧਾਲੀਵਾਲ ਦੀ ਕੁੱਖੋਂ ਜਨਮੇ ਗੁਰਮੀਤ ਹਠੂਰ ਨੇ ਜਿੱਥੇ ਪਹਿਲਾਂ ਕਈ ਸੌ.ਰਟ ਮੂਵੀਆਂ ਕੀਤੀਆਂ ਤੇ ਅੱਛੇ ਕਿਰਦਾਰ ਨਿਭਾਏ ਉੱਥੇ ਆਪਣੀ ਕਲਮ ਰਾਹੀਂ ਕਈ ਗੀਤ ਵੀ ਲਿਖੇ, ਤੇ ਉੱਥੇ ਨੌਜਵਾਨ ਲੜਕੇ ਲੜਕੀਆਂ ਨੂੰ ਐਕਟਿੰਗ ਦੀ ਸਿਖਲਾਈ ਦਿੱਤੀ ਤੇ ਨਾਟਕ ਟੀਮਾਂ ਨੂੰ ਸਟੇਜਾਂ ਤੇ ਖਿਡਾਇਆ, ਹੁਣ ਗੁਰਮੀਤ ਹਠੂਰ ਨੇ ਇੱਕ ਵੱਡਾ ਮਾਰਕਾ ਮਾਰਿਆ ਤੇ ਗੁਰਮੀਤ ਹਠੂਰ ਦੀ ਲਿਖੀ ਫਿਲਮ ਤੈਨੂੰ ਸੂਟ–ਸੂਟ ਕਰਦਾ ਅੱਜ 14 ਦਸੰਬਰ 2025 ਨੂੰ ਚੌਪਾਲ ਤੇ ਰਿਲੀਜ਼ ਹੋਣ ਜਾ ਰਹੀ ਆ, ਫਿਲਮ ਦਾ ਟ੍ਰੇਲਰ ਯੂ ਟਿਊਬ ਤੇ ਰਿਲੀਜ਼ ਹੋ ਚੁੱਕਾ ਹੈ। ਜ਼ਿਕਰਯੋਗ ਹੈ ਕਿ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੀਤ ਹਠੂਰ ਨੇ ਫਿਲਮ ਦੀ ਕਹਾਣੀ ਲਿਖਣ ਦੇ ਨਾਲ ਨਾਲ ਫਿਲਮ ਵਿੱਚ ਮੁੱਖ ਕਿਰਦਾਰ ਵੀ ਨਿਭਾਇਆ ਹੈ। ਜੇ ਗੱਲ ਕਰੀਏ ਤਾਂ ਮੁੱਖ ਕਿਰਦਾਰਾਂ ਵਿੱਚ ਗੁਰਮੀਤ ਹਠੂਰ, ਬਲਜਿੰਦਰ ਕੌਰ, ਪੂਨਮ ਸੂਦ, ਜਗਤਾਰ ਸਿੰਘ ਬੈਨੀਪਾਲ ਅਤੇ ਹੋਰ ਕਿਰਦਾਰਾਂ ਵਿੱਚ ਧੀਰਾ ਮਾਨ, ਨੀਟੂ ਸ਼ਟਰਾਂ ਵਾਲਾ, ਫੇਮਸ ਆਰਟਿਸਟ ਬੱਬਲ ਕੌਰ, ਰਾਜਿੰਦਰ ਕੌਰ ਦਾਨੀ, ਧਰਮਿੰਦਰ ਮਾਨ, ਕੁਲਵਿੰਦਰ ਕੌਰ, ਕੁਲਦੀਪ ਦੋਸਾਂਝ, ਗੁਰਪ੍ਰੀਤ ਘੁੱਦਾ, ਸ਼ਨੀ ਢਿੱਲੋ, ਸੁਮਨਦੀਪ ਸੋਨੀ, ਪਰਮਜੀਤ ਪੰਮਾ ਆਦਿ ਨੇ ਕੰਮ ਕੀਤਾ, ਫਿਲਮ ਦੇ ਡਾਇਰੈਕਟਰ ਨੇ ਸੱਤੀ ਭਾਈਰੂਪਾ ਤੇ ਪ੍ਰੋਡਿਊਸਰ – ਰਾਜੀਵ ਸਿੰਗਲਾ ਪ੍ਰੋਡਕਸ਼ਨ ਅਤੇ ਰਾਜੀਵ ਸਿੰਗਲਾ ਹਨ। ਐਸੋਸੀਏਟ ਡਾਇਰੈਕਟਰ – ਪਰਮਜੀਤ ਪੰਮਾ ਅਤੇ ਅਸਿਸਟੈਂਟ ਡਾਇਰੈਕਟਰ – ਸੁਮਨਦੀਪ ਜੀ ਹਨ। ਬਾਲ ਕਲਾਕਾਰਾਂ ਵਿੱਚ ਹਿੰਮਤ ਹਠੂਰ ਅਤੇ ਸਿਮਰਨ ਕੌਰ ਨਜ਼ਰ ਆਉਣਗੇ, ਪ੍ਰੈਸ ਨਾਲ ਗੱਲਬਾਤ ਕਰਦਿਆਂ ਲੇਖਕ ਗੁਰਮੀਤ ਹਠੂਰ ਨੇ ਕਿਹਾ ਕਿ ਤੈਨੂੰ ਸੂਟ–ਸੂਟ ਕਰਦਾ ਪੰਜਾਬੀ ਫਿਲਮ 14 ਦਸੰਬਰ 2025 ਨੂੰ ਚੌਪਾਲ ਤੇ ਰਿਲੀਜ਼ ਕੀਤੀ ਜਾ ਰਹੀ ਹੈ ਫਿਲਮ ਦਾ ਟ੍ਰੇਲਰ ਰਿਲੀਜ਼ ਕਰ ਦਿੱਤਾ ਗਿਆ ਹੈ। ਇਹ ਫਿਲਮ ਪੂਰੀ ਮਨੋਰੰਜਨ ਨਾਲ ਭਰਭੂਰ ਹੈ। ਤੇ ਦਰਸ਼ਕਾਂ ਦੇ ਦਿਲ ਟੁੰਬੇਗੀ, ਪੂਰੀ ਟੀਮ ਨੇ ਬੜੀ ਹੀ ਮਿਹਨਤ ਅਤੇ ਲਗਨ ਨਾਲ ਕੰਮ ਕੀਤਾ ਹੈ। ਸਾਨੂੰ ਪੂਰੀਆਂ ਉਮੀਦਾਂ ਹਨ। ਦਰਸ਼ਕ ਫਿਲਮ ਨੂੰ ਰੱਜਵਾਂ ਪਿਆਰ ਦੇਣਗੇ, ਟ੍ਰੇਲਰ ਰਿਲੀਜ਼ ਹੋਣ ਤੋਂ ਬਾਅਦ ਲੋਕਾਂ ਵੱਲੋਂ ਬੇਹੱਦ ਮੁਬਾਰਕਾਂ ਦਿੱਤੀਆਂ ਜਾ ਰਹੀਆਂ ਹਨ।




# ਸਵਰਨਜੀਤ ਕੌਰ ਨੇ ਪੇਧਨੀ ਅਤੇ ਪੁੰਨਾਵਾਲ ਵਾਸੀਆਂ ਨੂੰ ਵੋਟਾਂ ਆਉਣ ਦੀ ਕੀਤੀ ਅਪੀਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਵਿੱਚ ਪੈਂਦੇ ਪਿੰਡ ਪੁੰਨਾਵਾਲ ਅਤੇ ਪੇਧਨੀ ਕਲਾਂ ਜੋਨ ਤੋਂ ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਦੇ ਉਮੀਦਵਾਰ ਸਵਰਨਜੀਤ ਕੌਰ ਆਪਣੀ ਚੋਣ ਮੁਹਿੰਮ ਨੂੰ ਭਖਾਇਆ ਹੋਇਆ ਹੈ। ਉਨ੍ਹਾਂ ਪੁੰਨਾਵਾਲ ਅਤੇ ਪੇਧਨੀ ਕਲਾਂ ਵਾਸੀਆਂ ਨੂੰ ਅਪੀਲ ਕੀਤੀ ਉਹ 14 ਦਸੰਬਰ ਨੂੰ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਤੇ ਮੋਹਰਾਂ ਲਾ ਕੇ ਕਾਮਯਾਬ ਬਣਾਓ । ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੇ ਪਿੰਡਾਂ ਨੂੰ ਕਰੋੜਾਂ ਰੁਪਏ ਦੀਆਂ ਗਰਾਂਟਾਂ ਦੇ ਕੇ ਪਿੰਡਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਅਤੇ ਹੁਣ ਸਾਡਾ ਵੀ ਫਰਜ ਬਣਦਾ ਹੈ ਕਿ ਉਨ੍ਹਾਂ ਦੀ ਪਾਰਟੀ ਦੇ ਉਮੀਦਵਾਰ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰੀਏ।

ਆਵਾਜ਼ਿ ਕੌਮ AWAZE QAUM International Newspaper & WEB TV

## ਕਾਂਝਲਾ ਨੇ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਨੂੰ ਵੋਟ ਪਾਉਣ ਦੀ ਕੀਤੀ ਅਪੀਲ



ਧੂਰੀ ( ਰਣਜੀਤ ਸਿੰਘ ਪੇਧਨੀ )–ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪਿੰਡਾਂ ਚ ਹੋਏ ਵਿਕਾਸ ਕੰਮਾਂ ਨੂੰ ਦੇਖਦੇ ਤੇ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਵਿਚ ਆਮ ਆਦਮੀ ਪਾਰਟੀ ਨੇ ਹੋਰ ਬਾਕੀ ਪੰਜਾਬ ਦੀਆਂ ਸਿਆਸੀ ਪਾਰਟੀਆਂ ਨੂੰ ਪਿੱਛੇ ਛੱਡ ਦਿੱਤਾ ਹੈ ਅਤੇ ਲੋਕ ਇਸ ਵਾਰ ਦੀਆਂ ਬਲਾਕ ਸੰਮਤੀ ਤੇ ਜਿਲਾ ਪ੍ਰੀਸ਼ਦ ਚੋਣਾਂ ਵਿਚ 'ਆਪ' ਦੇ ਉਮੀਦਵਾਰਾਂ ਨੂੰ ਧੜਾ–ਧੜ ਵੋਟਾਂ ਪਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਾਲੀਆਂ ਜੋਨ ਤੋਂ ਆਪ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡਾਂ ਚ ਵਿਕਾਸ ਲਈ ਗ੍ਰਾਂਟਾਂ ਵੰਡੀਆ ਹਨ ਜਿਸ ਨਾਲ ਪਿੰਡਾਂ ਦੇ ਵਿਕਾਸ ਕਾਰਜ ਚੱਲ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀ ਲੋਕ ਪੱਖੀ ਯੋਜਨਾਵਾਂ ਨੇ ਵੀ ਪੰਜਾਬ ਦੇ ਲੋਕਾਂ ਦਾ ਦਿਲ ਜਿੱਤ ਲਿਆ ਹੈ ਜਦੋ ਕਿ ਲੋਕਾਂ ਨੂੰ ਘਰੇਲੂ ਬਿਜਲੀ ਬਿੱਲ ਤੋਂ ਬੇ–ਫਿਕਰੇ ਕੀਤਾ ਹੈ ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਤੇ ਯੁੱਧ ਨਸ਼ੇ ਵਿਰੁੱਧ ਅਭਿਆਨਾਂ ਨੇ ਪੰਜਾਬ ਦੀ ਤਸਵੀਰ ਬਦਲੀ ਹੈ ਅਤੇ ਭ੍ਰਿਸ਼ਟਾਚਾਰ ਨੂੰ ਪਾਈ ਢੱਲ ਨੇ ਲੋਕਾਂ ਨੂੰ ਬਹੁਤ ਸੰਤੁਸ਼ਟੀ ਮਿਲੀ ਹੈ। ਉਨ੍ਹਾਂ ਕਿਹਾ ਕਿ ਬਾਲੀਆਂ ਜੋਨ ਵਿੱਚ ਜਿਲ੍ਹਾ ਪ੍ਰੀਸ਼ਦ ਅਤੇ ਜਿਨੇ ਵੀ ਬਲਾਕ ਸੰਮਤੀ ਦੀਆਂ ਚੋਣਾਂ ਲੜ ਰਹੇ ਆਪ ਦੇ ਉਮੀਦਵਾਰਾਂ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਬਣਾਓ ।

ਆਵਾਜ਼ਿ ਕੌਮ AWAZE QAUM International Newspaper & WEB TV

## ਹਲਕਾ ਧੂਰੀ ਦੀਆਂ ਸਾਰੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚ ਆਪ ਦੇ ਉਮੀਦਵਾਰ ਹੋਣਗੇ ਜੇਤੂ : ਢਿੱਲੋ, ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ):- ਸੂਬੇ ਵਿੱਚ ਹੋ ਰਹੀ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰੇਗੀ ਅਤੇ ਵਿਧਾਨ ਸਭਾ ਹਲਕਾ ਧੂਰੀ ਦੀਆਂ ਸਾਰੀਆਂ ਸੀਟਾਂ ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਿੱਤ ਹਾਸਿਲ ਕਰਨਗੇ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਧੂਰੀ ਵਿਚ ਸਾਰੀਆਂ ਸੀਟਾਂ 'ਤੇ ਉਮੀਦਵਾਰਾਂ ਵੱਲੋਂ ਚੋਣ ਮੁਹਿੰਮ ਨੂੰ ਤੇਜ਼ੀ ਨਾਲ ਚੱਲ ਰਿਹਾ ਹੈ ਤੇ ਲੋਕਾਂ ਵੱਲੋਂ ਮਿਲ ਰਹੇ ਭਾਰੀ ਸਮਰਥਨ ਨੂੰ ਦੇਖਦਿਆਂ ਕਿਹਾ ਜਾ ਸਕਦਾ ਹੈ ਕਿ ਉਨ੍ਹਾਂ ਦੀ ਪਾਰਟੀ ਦੇ ਸਾਰੇ ਉਮੀਦਵਾਰ ਵੋਟਾਂ ਨਾਲ ਜਿੱਤ ਹਾਸਿਲ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਕੀਤੇ ਗਏ ਕੰਮਾਂ ਦੇ ਆਧਾਰ 'ਤੇ ਵੋਟਰਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਤੋਂ ਇਲਾਵਾ ਸਿੱਖਿਆ ਦੇ ਸੁਧਾਰ ਵਿਚ ਕ੍ਰਾਂਤੀਕਾਰੀ ਕਦਮ ਚੁੱਕੇ ਹਨ। ਇਸ ਤੋਂ ਇਲਾਵਾ ਸਾਰੇ ਵਰਗਾਂ ਨੂੰ ਘਰੇਲੂ ਬਿਜਲੀ ਦੀ ਪ੍ਰਤੀ ਮਹੀਨਾ 300 ਯੂਨਿਟ ਮਾਫ਼ੀ, ਨਹਿਰੀ ਪਾਣੀ ਨੂੰ ਟੈਲਾਂ ਤਕ ਪਹੁੰਚਾਉਣਾ ਅਤੇ ਕਿਸਾਨਾਂ ਨੂੰ ਸਹੂਲਤ ਲਈ ਦਿਨ ਵੇਲੇ ਬਿਜਲੀ ਸਪਲਾਈ ਦੇਣ ਸਮੇਤ ਸਾਰੇ ਵਰਗਾਂ ਨੂੰ ਸਹੂਲਤਾਂ ਦਿੱਤੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਘਨੌਰੀ ਕਲਾ, ਮੀਮਸਾਂ, ਬਾਲੀਆਂ ਜੋਨ ਤੋਂ ਜਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ; ਰਮਨਦੀਪ ਸਿੰਘ ਜਵੰਧਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਵਿੱਚ ਪੈਂਦੇ ਪਿੰਡ ਘਨੌਰੀ ਕਲਾ ਜੋਨ ਤੋਂ ਜਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਜਸਮੀਤ ਕੌਰ ਚਹਿਲ ਪਤਨੀ ਸਰਪੰਚ ਅੰਮ੍ਰਿਤ ਚਹਿਲ ਘਨੌਰੀ ਕਲਾਂ, ਮੀਮਸਾਂ ਜੋਨ ਤੋਂ ਰਛਪਾਲ ਸਿੰਘ ਭੁੱਲਰ ਅਤੇ ਬਾਲੀਆਂ ਜੋਨ ਤੋਂ ਹਰਜਿੰਦਰ ਸਿੰਘ ਕਾਂਝਲਾ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਰਮਨਦੀਪ ਸਿੰਘ ਜਵੰਧਾ ਨੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨਤੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਪੰਜਾਬ ਦੇ ਲੋਕ ਜ਼ਿਲਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਲੜ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ 14 ਦਸੰਬਰ ਨੂੰ ਵੱਡੀ ਗਿਣਤੀ ਦੇ ਨਾਲ ਵੋਟਾਂ ਪਾ ਕੇ ਜਿਤਾ ਕੇ ਮੁੱਖ ਮੰਤਰੀ ਦੇ ਕੀਤੇ ਕੰਮਾਂ 'ਤੇ ਮੋਹਰ ਲਾਉਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਭਾਈ ਨਿੱਝਰ ਦੇ ਕਤਲ ਦੇ 900 ਦਿਨ ਪੂਰੇ ਹੋਣ 'ਤੇ

# ਭਾਰਤੀ ਅੰਬੈਸੀ ਵੈਨਕੂਵਰ ਦਾ ਹੋਵੇਗਾ ਘੇਰਾਓ

## ☛ 15 ਦਸੰਬਰ ਨੂੰ ਕੈਨੇਡੀਅਨ ਅਦਾਲਤ ਅੰਦਰ ਭਾਈ ਨਿੱਝਰ ਕਤਲਕਾਂਡ ਦੀ ਹੋਵੇਗੀ ਸੁਣਵਾਈ
## ☛ ਕਾਰਨੀ ਸਰਕਾਰ ਭਾਰਤ ਦੇ ਜਬਰੀ ਵਸੂਲੀ ਅਤੇ ਕਤਲ ਨੈਟਵਰਕ 'ਤੇ ਕਰੇ ਕਾਰਵਾਈ: ਪੰਨੂੰ

**ਨਵੀਂ ਦਿੱਲੀ 13 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖਸ ਫਾਰ ਜਸਟਿਸ ਨੇ ਸਰੀ ਵਿੱਚ ਭਾਰਤ ਨਾਲ ਜੁੜੀ ਜ਼ਬਰਦਸਤੀ ਅਤੇ ਕਤਲ ਦੀਆਂ ਗਤੀਵਿਧੀਆਂ ਬਾਰੇ ਮੀਡੀਆ ਨੂੰ ਸੁਚੇਤ ਕੀਤਾ, ਜਿਸ ਵਿੱਚ ਭਾਰਤ ਦੁਆਰਾ ਚਲਾਏ ਜਾ ਰਹੇ ਨੈੱਟਵਰਕਾਂ ਨਾਲ ਮੇਲ ਖਾਂਦੀ ਤਾਜ਼ਾ ਗੋਲੀਬਾਰੀ ਵੀ ਸ਼ਾਮਲ ਹੈ, ਜਿਸਦੀ ਪਛਾਣ ਕੈਨੇਡੀਅਨ ਖੁਫੀਆ ਦੁਆਰਾ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਵਿਦੇਸ਼ੀ "ਜ਼ਬਰਦਸਤੀ ਅਤੇ ਕਤਲ" ਕਾਰਵਾਈਆਂ ਨੂੰ ਨਿਰਦੇਸ਼ਤ ਕਰਨ ਵਜੋਂ ਕੀਤੀ ਗਈ ਹੈ। ਇਹ ਵਾਧਾ ਉਦੋਂ ਹੋਇਆ ਜਦੋਂ ਸਪੀਕਰ ਸਕਾਰਪੇਲਗੀਆ ਨੇ ਜਨਤਕ ਤੌਰ 'ਤੇ ਭਾਰਤੀ ਡਿਪਲੋਮੈਟ ਦਿਨੇਸ਼ ਪਟਨਾਇਕ ਦੀ ਮੇਜ਼ਬਾਨੀ ਕੀਤੀ, ਅਤੇ ਕਿਉਂਕਿ ਕਾਰਨੀ ਸਰਕਾਰ ਨੂੰ ਕੈਨੇਡੀਅਨ ਧਰਤੀ 'ਤੇ ਜ਼ਬਰਦਸਤੀ, ਅੰਤਰਰਾਸ਼ਟਰੀ ਦਮਨ ਅਤੇ ਕਤਲ ਦੀਆਂ ਸਾਜ਼ਿਸ਼ਾਂ ਵਿੱਚ ਭਾਰਤ ਦੀ ਭੂਮਿਕਾ ਦਾ ਸਾਹਮਣਾ ਕਰਨ ਲਈ ਵਧਦੇ ਦਬਾਅ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਐਸਐਫਜੇ ਵਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਕਿ ਭਾਰਤ-ਸਮਰਥਿਤ ਏਜੰਟਾਂ ਵੱਲੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਨੂੰ 900 ਦਿਨ ਹੋ ਗਏ ਹਨ, ਜਿਨ੍ਹਾਂ ਦੀ ਹੱਤਿਆ ਨੇ ਕਿਸੇ ਵਿਦੇਸ਼ੀ ਰਾਜ ਨਾਲ ਸਬੰਧਤ ਕੈਨੇਡਾ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਰਾਸ਼ਟਰੀ ਸੁਰੱਖਿਆ ਸੰਕਟ ਨੂੰ ਭੜਕਾਇਆ ਸੀ। ਇਸ ਲਈ 18 ਦਸੰਬਰ ਨੂੰ ਵੈਨਕੂਵਰ ਦੀ ਭਾਰਤੀ ਕੌਂਸਲੇਟ ਦਾ ਸਵੇਰੇ 10:00 ਵਜੇ ਤੋਂ ਦੁਪਹਿਰ 2:30 ਵਜੇ ਘੇਰਾਵ ਕੀਤਾ ਜਾਏਗਾ। ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ ਸਰੀ ਵਿੱਚ ਫਿਰੌਤੀ ਗੋਲੀਬਾਰੀ ਭਾਰਤੀ ਮਸ਼ੀਨਰੀ ਦਾ ਹਿੱਸਾ ਹੈ ਜਿਸਨੇ ਸ਼ਹੀਦ ਨਿੱਝਰ ਦੀ ਹੱਤਿਆ ਕੀਤੀ ਸੀ। ਐਸਐਫਜੇ 18 ਦਸੰਬਰ ਨੂੰ, ਭਾਰਤੀ ਕੌਂਸਲੇਟ ਸੰਚਾਲਨ ਕੇਂਦਰ ਦਾ ਵੱਡਾ ਘੇਰਾਵ ਕਰਦਿਆਂ ਕੈਨੇਡੀਅਨ ਸਰਕਾਰ ਕੋਲੋਂ ਮੰਗ ਕਰੇਗਾ ਕਿ ਕਾਰਨੀ ਸਰਕਾਰ ਭਾਰਤ ਦੇ ਜਬਰੀ ਵਸੂਲੀ ਅਤੇ ਕਤਲ ਨੈਟਵਰਕ 'ਤੇ ਕਾਰਵਾਈ ਕਰੇ। ਪੰਥਕ ਸੇਵਾਦਾਰ ਅਤੇ ਗੁਰਦੁਆਰਾ ਸਾਹਿਬ ਦੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਕਿ ਕੈਨੇਡਾ ਦੀ ਅਦਾਲਤ ਅੰਦਰ ਸੋਮਵਾਰ 15 ਦਸੰਬਰ ਨੂੰ ਭਾਈ ਨਿੱਝਰ ਕਤਲਕਾਂਡ ਮਾਮਲੇ ਦੀ ਸੁਣਵਾਈ ਹੋਣੀ ਹੈ ਤੇ ਇਸ ਵਿਚ ਨਾਮਜਦ ਦੋਸ਼ੀਆਂ ਨੂੰ ਪੇਸ਼ ਕੀਤਾ ਜਾਣਾ ਹੈ ਇਸ ਲਈ ਸੰਗਤਾਂ ਨੂੰ ਵਡੀ ਗਿਣਤੀ ਵਿਚ ਹਾਜ਼ਿਰੀ ਭਰਣ ਦੀ ਅਪੀਲ ਕੀਤੀ ਜਾਂਦੀ ਹੈ ਜਿਸ ਨਾਲ ਮਾਮਲੇ ਤੇ ਜਲਦ ਕਾਰਵਾਈ ਹੋਣ ਨਾਲ ਭਾਈ ਨਿੱਝਰ ਨੂੰ ਇੰਨਸਾਫ ਮਿਲ਼ ਸਕੇ।



### ਜੱਗੀ ਜੌਹਲ ਦੀ ਰਿਹਾਈ ਲਈ

# ਯੂਕੇ ਦੇ ਵਿਦੇਸ਼ ਸਕੱਤਰ ਨੂੰ ਪੱਤਰ ਲਿਖਣ ਦੀ ਅਪੀਲ

**ਨਵੀਂ ਦਿੱਲੀ 13 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਵਿਰੋਧੀ ਧਿਰ ਵਿੱਚ ਲੇਬਰ ਲੀਡਰ ਵਜੋਂ ਕੀਰ ਸਟਾਰਮਰ ਅਤੇ ਸ਼ੈਡੋ ਵਿਦੇਸ਼ ਸਕੱਤਰ ਵਜੋਂ ਡੇਵਿਡ ਲੈਮੀ ਨੇ ਸਵੀਕਾਰ ਕੀਤਾ ਕਿ ਜਗਤਾਰ 4 ਨਵੰਬਰ 2017 ਤੋਂ ਇੱਕ ਭਾਰਤੀ ਜੇਲ੍ਹ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਹੈ ਅਤੇ ਯੂਕੇ ਸਰਕਾਰ ਨੂੰ ਇਹ ਸਵੀਕਾਰ ਕਰਨ ਲਈ ਦਬਾਅ ਪਾਇਆ। ਪ੍ਰਧਾਨ ਮੰਤਰੀ ਵਜੋਂ ਬੋਰਿਸ ਜੌਹਨਸਨ ਨੇ 7 ਜੁਲਾਈ 2022 ਨੂੰ ਸਿੱਖ ਭਾਈਚਾਰੇ ਨੂੰ ਲਿਖੇ ਇੱਕ ਪੱਤਰ ਵਿੱਚ ਜਗਤਾਰ ਦੀ ਭਾਰਤੀ ਜੇਲ੍ਹ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਹੋਣ ਦੀ ਸਪੱਸ਼ਟ ਤੌਰ 'ਤੇ ਪੁਸ਼ਟੀ ਕੀਤੀ। ਇਸ ਲਈ ਲੇਬਰ ਲੀਡਰਸ਼ਿਪ ਨੇ ਲਗਾਤਾਰ ਕੰਜ਼ਰਵੇਟਿਵ ਸਰਕਾਰ ਨੂੰ ਜਗਤਾਰ ਦੀ ਰਿਹਾਈ ਅਤੇ ਸਕਾਟਲੈਂਡ ਵਿੱਚ ਉਸਦੇ ਪਰਿਵਾਰ ਨਾਲ ਦੁਬਾਰਾ ਮਿਲਣ ਦੀ ਮੰਗ ਕੀਤੀ। ਸਿੱਖ ਫੈਡਰੇਸ਼ਨ ਯੂਕੇ ਦੇ ਬੀਪੀਓ ਭਾਈ ਦਬਿੰਦਰਜੀਤ ਸਿੰਘ ਨੇ ਦਸਿਆ ਕਿ ਲੇਬਰ ਪਾਰਟੀ ਹੁਣ ਬੀਤੇ 500 ਦਿਨਾਂ ਤੋਂ ਵੱਧ ਸਮੇਂ ਤੋਂ ਸੱਤਾ ਵਿੱਚ ਹੈ ਅਤੇ ਜਗਤਾਰ ਨੂੰ ਅੱਠ ਸਾਲਾਂ ਤੋਂ ਵੱਧ ਸਮੇਂ ਤੋਂ ਇੱਕ ਭਾਰਤੀ ਜੇਲ੍ਹ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤਾ ਗਿਆ ਹੈ। ਜਦੋਂ ਕਿ ਸਾਨੂੰ ਵਾਰ-ਵਾਰ ਦੱਸਿਆ ਗਿਆ ਹੈ ਕਿ ਪ੍ਰਧਾਨ ਮੰਤਰੀ ਅਤੇ ਵਿਦੇਸ਼ ਸਕੱਤਰ ਨੇ ਜਗਤਾਰ ਸਿੰਘ ਜੌਹਲ ਦਾ ਮਾਮਲਾ ਆਪਣੇ ਭਾਰਤੀ ਹਮਰੁਤਬਾ ਨਾਲ ਉਠਾਉਣਾ ਜਾਰੀ ਰੱਖਿਆ ਹੈ, ਬ੍ਰਿਟਿਸ਼ ਸਿੱਖ ਭਾਈਚਾਰੇ ਨੂੰ ਉਮੀਦ ਸੀ ਕਿ ਜਗਤਾਰ ਨੂੰ ਰਿਹਾਅ ਕਰਵਾਉਣ ਅਤੇ ਉਸਦੇ ਪਰਿਵਾਰ ਕੋਲ ਵਾਪਸ ਲਿਆਉਣ ਲਈ ਹੋਰ ਪ੍ਰਗਤੀ ਦੇਖਣ ਨੂੰ ਮਿਲੇਗੀ। 4 ਮਾਰਚ 2025 ਨੂੰ ਜਗਤਾਰ ਦੇ ਬਰੀ ਹੋਣ ਤੋਂ ਬਾਅਦ ਉਮੀਦਾਂ ਵਧ ਗਈਆਂ ਜਦੋਂ ਪਹਿਲਾ ਕੇਸ ਆਖਰਕਾਰ ਅਦਾਲਤ ਵਿੱਚ ਖਤਮ ਹੋ ਗਿਆ, ਖਾਸ ਕਰਕੇ ਕਿਉਂਕਿ ਦੂਜੇ ਕੇਸ ਵੀ ਉਸੇ ਸਬੂਤ 'ਤੇ ਅਧਾਰਤ ਹਨ। 1 ਜੁਲਾਈ 2025 ਨੂੰ ਡਗਲਸ ਮੈਕਐਲਿਸਟਰ ਐਮਪੀ ਨੇ ਪੁਸ਼ਟੀ ਕੀਤੀ ਕਿ ਵਿਦੇਸ਼ ਸਕੱਤਰ ਨੇ ਉਨ੍ਹਾਂ ਨੂੰ ਕਿਹਾ ਸੀ ਕਿ ਉਹ ਨਿੱਜੀ ਤੌਰ 'ਤੇ ਮਾਮਲਿਆਂ 'ਤੇ ਧਿਆਨ ਕੇਂਦਰਿਤ ਕਰਨਗੇ ਅਤੇ ਜਿੰਮੀ ਲੀ ਦੇ ਨਾਲ ਜਗਤਾਰ ਸਿੰਘ ਜੌਹਲ ਦੇ ਮਾਮਲੇ ਦੀ ਮਹੀਨਾਵਾਰ ਅਪਡੇਟ ਪ੍ਰਦਾਨ ਕਰਨਗੇ। ਨਰਿੰਦਰ ਮੋਦੀ ਜੁਲਾਈ ਦੇ ਅੰਤ ਵਿੱਚ ਯੂਕੇ ਵਿੱਚ ਕੀਰ ਸਟਾਰਮਰ ਨੂੰ ਮਿਲੇ ਸਨ ਅਤੇ ਸਤੰਬਰ ਵਿੱਚ ਭਾਰਤ ਵਿੱਚ ਜਦੋਂ ਜਗਤਾਰ ਦਾ ਕੇਸ ਉਠਾਇਆ ਗਿਆ ਸੀ। ਯਵੇਟ ਕਾਪਰ, ਸਤੰਬਰ 2025 ਵਿੱਚ ਵਿਦੇਸ਼ ਸਕੱਤਰ ਬਣ ਗਈ ਸੀ ਅਤੇ ਵਾਰ-ਵਾਰ ਲਿਖਤੀ ਬੇਨਤੀਆਂ ਦੇ ਬਾਵਜੂਦ, ਕੋਈ ਅੱਪਡੇਟ ਜਾਂ ਸਪੱਸ਼ਟੀਕਰਨ ਨਹੀਂ ਦਿੱਤਾ ਹੈ। ਦਸੰਬਰ ਦੇ ਸ਼ੁਰੂ ਵਿੱਚ ਜਗਤਾਰ ਦੇ ਪਰਿਵਾਰ ਅਤੇ ਡਗਲਸ ਨਾਲ ਇੱਕ ਮੀਟਿੰਗ ਦੀ ਯੋਜਨਾ ਬਣਾਈ ਗਈ ਹੈ। ਕੀ ਤੁਸੀਂ ਵਿਦੇਸ਼ ਸਕੱਤਰ ਨੂੰ ਲਿਖ ਸਕਦੇ ਹੋ। ਇਹ ਪੁਸ਼ਟੀ ਕਰਨ ਲਈ ਕਿ ਕੀ ਲੇਬਰ ਸਰਕਾਰ ਨੇ ਜੁਲਾਈ 2024 ਤੋਂ ਸੱਤਾ ਵਿੱਚ ਆਉਣ ਤੋਂ ਬਾਅਦ, ਖਾਸ ਕਰਕੇ 4 ਮਾਰਚ 2025 ਨੂੰ ਉਸਦੀ ਬਰੀ ਹੋਣ ਤੋਂ ਬਾਅਦ, ਜਗਤਾਰ ਦੀ ਰਿਹਾਈ ਲਈ ਭਾਰਤ ਸਰਕਾਰ ਨਾਲ ਕੂਟਨੀਤਕ ਚੈਨਲਾਂ ਦੀ ਵਰਤੋਂ ਕੀਤੀ ਹੈ ਜਾਂ ਨਹੀਂ ।ਜਗਤਾਰ ਦੀ ਰਿਹਾਈ ਲਈ ਜਨਤਕ ਤੌਰ 'ਤੇ ਮੰਗ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਇਹ ਯੂਕੇ ਸਰਕਾਰ ਦੀ ਨੀਤੀ ਹੈ ਕਿ ਉਹ ਉਨ੍ਹਾਂ ਬ੍ਰਿਟਿਸ਼ ਨਾਗਰਿਕਾਂ ਦੀ ਰਿਹਾਈ ਲਈ ਮੰਗ ਕਰੇ ਜਿਨ੍ਹਾਂ ਨੂੰ ਇਹ ਸਵੀਕਾਰ ਕਰਦਾ ਹੈ ਕਿ ਵਿਦੇਸ਼ਾਂ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤਾ ਗਿਆ ਹੈ ਅਤੇ ਇਹ ਦੱਸਣਾ ਕਿ ਯੂਕੇ ਸਰਕਾਰ ਦੁਆਰਾ ਕਿਹੜੇ ਕਦਮ ਚੁੱਕੇ ਗਏ ਹਨ, ਜਿਸ ਵਿੱਚ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਵੀ ਸ਼ਾਮਲ ਹੈ ਤਾਂ ਜੋ ਭਾਰਤੀ ਅਧਿਕਾਰੀਆਂ ਨੂੰ ਜਗਤਾਰ ਸਿੰਘ ਜੌਹਲ 'ਤੇ ਤਸ਼ੱਦਦ ਦੇ ਦੋਸ਼ਾਂ ਦੀ ਜਾਂਚ ਕਰਨ ਲਈ ਉਤਸ਼ਾਹਿਤ ਕੀਤਾ ਜਾ ਸਕੇ ਜੋ 8 ਸਾਲ ਪਹਿਲਾਂ ਉਸਨੂੰ ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ ਲਗਾਏ ਗਏ ਸਨ। ਤੁਸੀਂ ਸੰਬੰਧਿਤ ਲਿਖਤੀ ਸੰਸਦੀ ਸਵਾਲ ਵੀ ਪੇਸ਼ ਕਰ ਸਕਦੇ ਹੋ ਜਾਂ ਸਦਨ ਦੇ ਫਲੋਰ 'ਤੇ ਮਾਮਲਾ ਉਠਾ ਸਕਦੇ ਹੋ। ਕਿਰਪਾ ਕਰਕੇ ਵਿਦੇਸ਼ ਸਕੱਤਰ ਨੂੰ ਜੱਗੀ ਜੋਹਲ ਦੀ ਰਿਹਾਈ ਲਈ ਆਪਣੇ ਪੱਤਰ ਦੀ ਇੱਕ ਕਾਪੀ ਅਤੇ ਉਨ੍ਹਾਂ ਵਲੋਂ ਮਿਲਿਆ ਕੋਈ ਵੀ ਜਵਾਬ ਸਾਂਝਾ ਕੀਤਾ ਜਾਏ ।



# ਨਹਿਰ ਦੇ ਕੰਢੇ ਤੇ ਰੁੱਖਾਂ ਨੂੰ ਕਿਵੇਂ ਧੜਾ ਧੜ ਵੱਢਿਆ ਜਾ ਰਿਹਾ ਹੈ, ਮੌਕੇ ਤੇ ਪਹੁੰਚੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ

**ਚੌਕ ਮਹਿਤਾ, 13 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਗਰੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਿੱਚੋਂ ਨਿਕਲਣ ਵਾਲੀ ਨਹਿਰ ਜਿਸ ਨੂੰ ਸਿੱਖਾਂ ਵਾਲੀ ਨਹਿਰ ਕਿਹਾ ਜਾਂਦਾ ਹੈ ਜਿਸ ਜਗ੍ਹਾ ਤੋਂ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਤੇ ਪੰਜ ਪਵਿੱਤਰ ਸਰੋਵਰਾਂ ਨੂੰ ਜਲ ਜਾਂਦਾ ਹੈ। ਇਸ ਨਹਿਰ ਦੇ ਆਲੇ ਦੁਆਲੇ ਲੱਗੇ ਹਰੇ ਭਰੇ ਰੁੱਖਾ ਨੂੰ ਕਿਵੇਂ ਧੜਾ ਧੜ ਵੱਡਿਆ ਜਾ ਰਿਹਾ ਹੈ ਇਹ ਪਿਛਲੇ ਦਿਨਾਂ ਤੋਂ ਚੱਲ ਰਿਹਾ ਹੈ ਜਿਸ ਦੀ ਸ਼ਿਕਾਇਤ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਤੇ ਮਾਨਯੋਗ ਗਵਰਨਰ ਸਾਹਿਬ ਪੰਜਾਬ ਤੇ ਮੈਂਬਰ ਪਾਰਲੀਮੈਂਟ ਅੰਮ੍ਰਿਤਸਰ ਦੇ ਡੀਸੀ ਸਾਹਿਬ ਅੰਮ੍ਰਿਤਸਰ ਤੇ ਏਡੀਸੀ ਸਾਹਿਬ ਅੰਮ੍ਰਿਤਸਰ ਨੂੰ ਦਿੱਤੀ ਗਈ ਹੈ ਜਿਸ ਦੀ ਜਾਂਚ ਚੱਲ ਰਹੀ ਹੈ ਪਰ ਉਸ ਦੇ ਬਾਵਜੂਦ ਵੀ ਅੱਜ ਨਹਿਰ ਦੇ ਕੰਢੇ ਤੇ ਜਿਹੜੇ ਰੁੱਖ ਵੱਢੇ ਗਏ ਸੀ ਛੁੱਟੀ ਵਾਲੇ ਦਿਨ ਉਥੋਂ ਸਬੂਤ ਮਿਟਾਉਣ ਦੇ ਲਈ ਰੁੱਖਾਂ ਨੂੰ ਜੜਾਂ ਤੋਂ ਜੇਸੀਬੀ ਦੇ ਨਾਲ ਪੁੱਟਿਆ ਜਾ ਰਿਹਾ ਹੈ ਤੇ ਵੱਢ ਵੱਢ ਕੇ ਟਰਾਲੀਆਂ ਵਿੱਚ ਲੱਦੇ ਜਾ ਰਹੇ ਨੇ ਜਿਸ ਦੀ ਜਾਣਕਾਰੀ ਜਦੋਂ ਸਮਾਜ ਸੇਵੀ ਸੋਨੂ ਜੰਡਿਆਲਾ ਨੂੰ ਮਿਲੀ ਤੇ ਉਹਨਾਂ ਨੇ ਮੌਕੇ ਤੇ ਪਹੁੰਚ ਕੇ ਇਸ ਦੀ ਇਤਲਾਹ ਨਹਿਰੀ ਵਿਭਾਗ ਜੰਗਲਾਤ ਵਿਭਾਗ ਤੇ ਪ੍ਰਸ਼ਾਸਨ ਨੂੰ ਕੀਤੀ ਕੀ ਜਿਹੜੇ ਲੋਕ ਸਬੂਤ ਮਿਟਾਉਣ ਦੇ ਲਈ ਰੁੱਖਾਂ ਨੂੰ ਜੜਾਂ ਤੋਂ ਵੱਢ ਕੇ ਟਰਾਲੀਆਂ ਚ ਲੱਦ ਕੇ ਖੜ ਰਹੇ ਨੇ ਤੇ ਹਰੇ ਭਰੇ ਰੁੱਖਾਂ ਨੂੰ ਵੱਢ ਕੇ ਲੈ ਜਾ ਰਹੇ ਨੇ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ ਮੌਕੇ ਤੇ ਪਹੁੰਚੇ ਸੋਨੂ ਜੰਡਿਆਲਾ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਬਹੁਤ ਮਾੜੀ ਗੱਲ ਹੈ ਕੁਦਰਤ ਸਾਨੂੰ ਬਹੁਤ ਕੁਝ ਦਿੰਦੀ ਹੈ ਪਰ ਅਸੀਂ ਕੁਦਰਤ ਨੂੰ ਉਜਾੜਨ ਤੇ ਤੁਲੇ ਹਾਂ ਇਹ ਗੱਲ ਚੰਗੀ ਨਹੀਂ ਜਿਹੜੇ ਲੋਕਾਂ ਨੇ ਰੁੱਖ ਵੱਢੇ ਨੇ ਇਹਨਾਂ ਖਿਲਾਫ ਮੈਂ ਪਹਿਲਾਂ ਵੀ ਤਿੰਨ ਸ਼ਿਕਾਇਤਾਂ ਕਰ ਚੁੱਕਾ ਹਾਂ ਜੇਕਰ ਪ੍ਰਸ਼ਾਸਨ ਨੇ ਇਹਨਾਂ ਖਿਲਾਫ ਕਾਰਵਾਈ ਨਹੀਂ ਕੀਤੀ ਤੇ ਮੈਂ ਮਾਣਯੋਗ ਕੋਰਟ ਵਿੱਚ ਇਨਸਾਫ ਲੈਣ ਦੇ ਲਈ ਜਾਵਾਂਗਾ ਕਿਉਂਕਿ ਜਿਹੜੇ ਰੁੱਖ ਸਾਨੂੰ ਆਕਸੀਜਨ ਦਿੰਦੇ ਨੇ ਤੇ ਅਸੀਂ ਰੁੱਖ ਲਗਾਉਂਦੇ ਹਾਂ ਤੇ ਇਹ ਰੁੱਖ ਵੱਢ ਰਹੇ ਨੇ ਅਸੀਂ ਅਕਾਲ ਸੇਵਾ ਫਾਊਂਡੇਸ਼ਨ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਇਸ ਨਹਿਰ ਦੇ ਆਲੇ ਦੁਆਲੇ ਜੋ ਲੋਕ ਗੰਦਗੀ ਪਾ ਜਾਂਦੇ ਨੇ ਉਸਦੀ ਸਾਫ ਸਫਾਈ ਕਰ ਰਹੇ ਹਾਂ ਤੇ ਇਸ ਜਗਹਾ ਤੇ ਇਸ ਤੋਂ ਪਹਿਲਾਂ ਅਸੀਂ ਰੁੱਖ ਲਗਾਏ ਵੀ ਨੇ ਇਸ ਕਰਕੇ ਰੁੱਖ ਵੱਢਣ ਵਾਲਿਆਂ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ।



## ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜਾਦੇ ਅਤੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਅਤੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ 31 ਦਸੰਬਰ ਨੂੰ ਅਤੇ ਸਮਾਗਮ 3 ਜਨਵਰੀ ਨੂੰ—ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ

ਫ਼ਿਰੋਜ਼ਪੁਰ, 13 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਅਤੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ 31 ਦਸੰਬਰ (17 ਪੋਹ) ਨੂੰ ਅਤੇ ਸਲਾਨਾ ਸਮਾਗਮ 3 ਜਨਵਰੀ (20 ਪੋਹ) ਦਿਨ ਸ਼ਨੀਵਾਰ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ ਕਰਵਾਏ ਜਾ ਰਹੇ ਹਨ, ਜ਼ੋ ਕਿ ਨਗਰ ਕੀਰਤਨ 31 ਦਸੰਬਰ (17 ਪੋਹ) 2025 ਦਿਨ ਬੁੱਧਵਾਰ ਨਗਰ ਕੀਰਤਨ ਸਜਾਇਆ ਜਾਵੇਗਾ। ਇਹ ਮਹਾਨ ਨਗਰ ਕੀਰਤਨ ਸਵੇਰੇ 8 ਵਜੇ ਗੁਰਦੁਆਰਾ ਛੱਪੜੀ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ 5 ਨਿਸ਼ਾਨ ਅਤੇ ਕੀਰਤਨ ਜਥਿਆਂ ਵੱਲੋਂ ਰਵਾਨਾ ਹੋਵੇਗਾ, ਜ਼ੋ ਕਿ ਦਾਸ ਦੀ ਦੇਖ—ਰੇਖ ਹੇਠ ਚੱਲੇਗਾ। ਇਹ ਵਿਸ਼ਾਲ ਮਹਾਨ ਨਗਰ ਕੀਰਤਨ ਪਿੰਡ ਤੂਤਾਂ ਤੋਂ ਸਾਧਾਂ ਵਾਲਾ, ਘੋਨੀ ਵਾਲਾ, ਡੱਲੇਵਾਲਾ, ਨੱਥਲ ਵਾਲਾ, ਗੋਲੇਵਾਲਾ, ਬੇਗੂ ਵਾਲਾ, ਘੁਗਿਆਣਾ, ਝੰਟੀ ਵਾਲਾ, ਢਿਲਵਾਂ ਖੁਰਦ, ਡੋਡ, ਚੁੱਘੇ ਵਾਲਾ ਤੋਂ ਹੁੰਦਾ ਹੋਇਆ ਗੁਰਦੁਆਰਾ ਛੱਪੜੀ ਸਾਹਿਬ ਨੂੰ ਸਮਾਪਤੀ ਦੀ ਅਰਦਾਸ ਹੋਵੇਗੀ। ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਸਲਾਨਾ ਸ਼ਹੀਦੀ ਸਮਾਗਮ 3 ਜਨਵਰੀ (20 ਪੋਹ) 2026 ਦਿਨ ਸ਼ਨੀਵਾਰ ਨੂੰ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਕੌਮ ਦੇ ਮਹਾਨ ਰਾਗੀ, ਕਥਾਵਾਚਕ, ਕਵੀਸ਼ਰੀ ਅਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਹਾਜ਼ਰੀ ਭਰਨਗੇ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ ਸਪਰਦਾਇ ਦਲ ਬਾਬਾ ਬਿੱਧੀ ਚੰਦ, ਸੰਤ ਬਾਬਾ ਮਨਵੀਰ ਸਿੰਘ ਨਾਨਕਸਰ ਵਾਲੇ, ਸੰਤ ਬਾਬਾ ਗੁਰਵਿੰਦਰ ਸਿੰਘ ਬਾਬਾ ਸੁਖਜੀਤ ਸਿੰਘ ਖਾਲਸਾ ਰਾਗੀ ਜਥਾ ਫ਼ਿਰੋਜ਼ਪੁਰ ਵਾਲੇ ਪਹੁੰਚ ਕੇ ਹਾਜ਼ਰੀ ਭਰਨਗੇ। ਇਸ ਮੌਕੇ ਤੇ 2 ਜਨਵਰੀ ਨੂੰ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸੰਤ ਮਹਾਂਪੁਰਖ ਜਿਨ੍ਹਾਂ ਵਿਚ ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਦਿਲਬਾਗ ਸਿੰਘ ਆਰਿਫਕੇ, ਬਾਬਾ ਸਤਨਾਮ ਸਿੰਘ ਵਲੀਆ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਵਾਲਾ, ਬਾਬਾ ਜ਼ੋਗਾ ਸਿੰਘ ਤਲਵੰਡੀ ਭਾਈ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਸੰਤ ਬਾਬਾ ਸੁੱਚਾ ਸਿੰਘ ਨਾਨਕਸਰ ਛਾਂਗਾ, ਬਾਬਾ ਮਨਜੀਤ ਸਿੰਘ ਗੁਰੂ ਕਾ ਖੂਹ ਮੁਕਤਸਰ, ਬਾਬਾ ਕਰਨੈਲ ਸਿੰਘ ਹਜ਼ੂਰ ਸਾਹਿਬ ਵਾਲੇ, ਮਹੰਤ ਹਰਪ੍ਰੀਤ ਸਿੰਘ ਗੋਲੇਵਾਲਾ, ਭਾਈ ਰਛਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ, ਬਾਬਾ ਹਰਭਜਨ ਸਿੰਘ ਜੰਡ ਸਾਹਿਬ, ਭਾਈ ਅਮਨਦੀਪ ਸਿੰਘ, ਭਾਈ ਦਲਜੀਤ ਸਿੰਘ ਚੰਨੀਆਂ (ਦਲ ਬਾਬਾ ਬਿੱਧੀ ਚੰਦ), ਸਮੂਹ ਪ੍ਰਬੰਧਕ ਕਮੇਟੀ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਬਾਬਾ ਵਿਰਸਾ ਸਿੰਘ ਗੁਰਦੁਆਰਾ ਛਾਉਣੀ ਸ਼ਹਿਰ ਗਿਆਨੀ ਸੁਖਦੇਵ ਸਿੰਘ ਦਮਦਮੀ ਟਕਸਾਲ ਪਤਰਾਣਾ, ਬਾਬਾ ਪੂਰਨ ਸਿੰਘ ਝੋਕ ਹਰੀਹਰ ਵਾਲੇ, ਬਾਬਾ ਅਜੀਤਪਾਲ ਸਿੰਘ ਪਾਲੀ ਨਾਨਕਸਰ ਗੋਬਿੰਦ ਨਗਰ, ਬਾਬਾ ਕਰਨੈਲ ਸਿੰਘ ਸਾਦਿਕ ਵਾਲੇ, ਭਾਈ ਪ੍ਰਭਜੀਤ ਸਿੰਘ ਡੱਬਵਾਲੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਖ ਪਹੁੰਚ ਕੇ ਹਾਜ਼ਰੀ ਭਰਨਗੇ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਵਿਸ਼ਾਲ ਨਗਰ ਕੀਰਤਨ ਵਿਚ ਵਾਹਿਗੁਰੂ ਜੀ ਵੱਲੋਂ ਦਿੱਤੇ ਆਪਣੇ—ਆਪਣੇ ਵਹੀਕਲ ਲੈ ਕੇ ਭਾਰੀ ਗਿਣਤੀ ਵਿਚ ਪਹੁੰਚੋ ਅਤੇ 2 ਜਨਵਰੀ ਨੂੰ ਭਾਰੀ ਗਿਣਤੀ ਵਿਚ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ ਅਤੇ ਤਿੰਨ ਜਨਵਰੀ ਨੂੰ ਸਲਾਨਾ ਸ਼ਹੀਦੀ ਸਮਾਗਮ ਵਿਚ ਪਹੁੰਚ ਕੇ ਸੰਤਾਂ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨਿਭਾਉਣਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।



## ਜਨਮ ਦਿਨ ਮੁਬਾਰਕ





ਹਰਿੰਦਰ ਪਾਲ ਸਿੰਘ
ਟਿੱਕਾ ਨੌਰਵੇ
ਪੱਤਰਕਾਰ ਕੁਲਵੰਤ ਸਿੰਘ
ਵਿਰਦੀ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

ਤੇਰੀ ਓਟ ਆਸ਼ੀਆਨਾ ਗਦਲੀ ਵਾਲਿਆਂ ਦੇ ਮੁੱਖੀ ਗਿਆਨੀ ਭੁਪਿੰਦਰ ਸਿੰਘ ਦੇ ਸਪੁੱਤਰ

# ਹਰਸੇਵਕ ਸਿੰਘ ਦੇ ਵਿਆਹ ਆਨੰਦ ਕਾਰਜ 'ਤੇ ਮਹਾਨ ਸ਼ਖ਼ਸੀਅਤ ਨੇ ਜੋੜੀ ਨੂੰ ਦਿੱਤਾ ਆਸ਼ੀਰਵਾਦ












**ਚੌਕ ਮਹਿਤਾ, 14 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਈ ਤੇਰੀ ਓਟ ਅਸ਼ਿਆਨਾ ਪਿੰਡ ਗਦਲ਼ੀ ਦੇ ਮੁਖੀ ਅਤੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾ ਵਾਚਕ ਭਾਈ ਭੁਪਿੰਦਰ ਸਿੰਘ ਗਦਲੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਦੇ ਸਪੁੱਤਰ ਭਾਈ ਹਰਸੇਵਕ ਸਿੰਘ ਤਬਲਾ ਵਾਦਕ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਦਾ ਵਿਆਹ ਬੀਬੀ ਜਸ਼ਨਬੀਰ ਕੌਰ ਸਪੁੱਤਰੀ ਅਮਰਜੀਤ ਸਿੰਘ ਪਿੰਡ ਲੋਕਾਂ ਜਿੱਲਾ ਸ੍ਰੀ ਤਰਨਤਾਰਨ ਸਾਹਿਬ ਨਾਲ ਪੂਰਨ ਗੁਰ ਮਰਿਯਾਦਾ ਨਾਲ ਆਨੰਦ ਕਾਰਜ ਹੋਇਆ ਵਿਸ਼ੇਸ਼ ਇਹ ਰਿਹਾ ਕਿ ਲਾਵਾਂ ਤੋ ਪਹਿਲਾਂ ਜਿਸ ਦਿਨ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਸਾਹਾ ਸੋਧਿਆ ਗਿਆ ਸੀ ਉਸ ਦਿਨ ਤੋ ਹੀ ਗੁਰਦੁਆਰਾ ਭਾਈ ਮੰਝ ਸਾਹਿਬ ਪਿੰਡ ਲੌਹਕਾ ਜ਼ਿਲਾ ਤਰਨ ਤਾਰਨ ਸਾਹਿਬ ਭਾਈ ਭੁਪਿੰਦਰ ਸਿੰਘ ਦੇ ਪਰਿਵਾਰ ਵੱਲੋਂ ਕਾਰਜਾਂ ਦੀ ਸਫਲਤਾ ਲਈ ਸ਼੍ਰੀ ਸਹਿਜ ਪਾਠ ਅਰੰਭ ਕਰਵਾ ਦਿੱਤੇ ਸਨ। ਲਾਵਾਂ ਤੋ ਪਹਿਲਾਂ ਸ਼੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਉਸ ਤੋਂ ਉਪਰੰਤ ਭਾਈ ਕੰਵਲਜੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਭਾਈ ਭੁਪਿੰਦਰ ਸਿੰਘ ਜਲਾਲਾਬਾਦ ਜਥਿਆਂ ਨੇ ਕੀਰਤਨ ਦੀ ਹਾਜ਼ਰੀ ਲਵਾਈ ਭਾਈ ਹਰਪ੍ਰੀਤ ਸਿੰਘ ਹੈੱਡ ਗ੍ਰੰਥੀ ਭਾਈ ਮੰਝ ਸਾਹਿਬ ਵੱਲੋਂ ਲਾਵਾਂ ਦਾ ਪਾਠ ਕੀਤਾ ਗਿਆ ਲਾਵਾਂ ਤੋ ਉਪਰੰਤ ਗੁਰਦੁਆਰਾ ਸਾਹਿਬ ਦੀ ਹਦੂਦ ਵਿਚ ਹੀ ਲੜਕੀ ਵਾਲਿਆਂ ਦੇ ਪਰਵਾਰ ਵੱਲੋਂ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਸਨ ਅਜੋਕੇ ਸਮੇਂ ਵਿੱਚ ਜਿੱਥੇ ਜ਼ਿਆਦਾਤਰ ਲੋਕ ਵਿਆਹਾਂ ਤੇ ਲੱਚਰਤਾ ਨੂੰ ਪਹਿਲ ਦੇਂਦੇ ਹਨ ਪਰ ਭਾਈ ਭੁਪਿੰਦਰ ਸਿੰਘ ਕਥਾ ਵਾਚਕ ਵੱਲੋਂ ਬੀਰ ਖ਼ਾਲਸਾ ਗਰੁੱਪ ਬੁਕ ਕੀਤਾ ਗਿਆ ਜਿਨ੍ਹਾਂ ਤਕਰੀਬਨ ਲਗਾਤਾਰ ਢਾਈ ਘੰਟੇ ਗਤਕੇ ਦੇ ਜੌਹਰ ਦਿਖਾਏ ਜਿਸ ਦੀ ਸ਼ਲਾਘਾ ਕਰਦਿਆਂ ਵਿਆਹ ਵਿੱਚ ਆਏ ਇਲਾਕੇ ਦੀਆਂ ਸੰਗਤਾਂ ਵੱਲੋਂ ਕਿਹਾ ਕਿ ਇਹ ਇਸ ਇਲਾਕੇ ਵਿੱਚ ਅਜਿਹਾ ਵਿਆਹ ਕਾਰਜ ਹੋਇਆ ਜੋ ਸਮੇਂ ਨਾਲ ਅਤੇ ਪੂਰਨ ਗੁਰ ਮਰਿਯਾਦਾ ਨਾਲ ਹੋਇਆ ਇਸ ਮੌਕੇ ਵੱਖ ਵੱਖ ਪੰਥਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ ਜਿਸ ਵਿੱਚ ਭਾਈ ਗੁਰਲਾਲ ਸਿੰਘ ਕਥਾ ਵਾਚਕ ਮੰਜੀ ਸਾਹਿਬ ਵਾਲੇ ਸਰਦਾਰ ਨਰਿੰਦਰ ਪਾਲ ਸਿੰਘ ਮਠਾਰੂ ਤਬਲਾ ਉਸਤਾਦ ਅਸ਼ੋਕ ਕੁਮਾਰ ਜੀ ਸਰਦਾਰ ਹਰਪਾਲ ਸਿੰਘ ਤੂਰ ਅਮਰੀਕਾ ਵਾਲਿਆਂ ਵੱਲੋਂ ਸਰਦਾਰ ਹਰਵੇਲ ਸਿੰਘ ਤੂਰ ਸਰਦਾਰ ਸੁਖਦੇਵ ਸਿੰਘ ਤੂਰ ਅਤੇ ਹੋਰ ਪਤਵੰਤੇ ਹਾਜ਼ਰ ਸਨ ਇਸ ਮੌਕੇ ਕਥਾ ਵਾਚਕ ਭਾਈ ਭੁਪਿੰਦਰ ਸਿੰਘ ਨੇ ਬੋਲਦਿਆਂ ਕਿਹਾ ਕਿ ਅਸੀਂ ਪੰਥ ਦੇ ਟੁਕੜਿਆਂ ਤੇ ਪਲਦੇ ਹਾਂ ਕਥਾ ਕੀਰਤਨ ਕਰਦਿਆਂ ਜੋ ਸੰਗਤਾਂ ਵੱਲੋਂ ਸਾਨੂੰ ਮਾਇਆ ਦਿੱਤੀ ਜਾਂਦੀ ਹੈ ਇਹ ਪੰਥ ਦੀ ਹੈ ਇਸ ਕਰਕੇ ਸਾਡੇ ਖੁਸ਼ੀ ਦੇ ਸਮਾਗਮ ਗੁਰੂ ਸਾਹਿਬ ਦੇ ਹੁਕਮ ਅਨੁਸਾਰ ਮਰਿਯਾਦਾ ਵਿੱਚ ਕਰਨੇ ਚਾਹੀਦੇ ਹਨ ਸਮਾਗਮ ਦੀ ਸਮਾਪਤੀ ਤੇ ਬੀਰ ਖਾਲਸਾ ਗਰੁੱਪ ਦੇ ਵੱਲੋਂ ਸੁਭਾਗ ਜੋੜੀ ਨੂੰ ਸਿਰੋ ਪਾਓ ਦਿੱਤਾ ਗਿਆ ਇਸ ਸਮੇਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਸੁੱਖਦਿਅਲ ਸਿੰਘ ਸਰਦਾਰ ਦਿਲਬਾਗ ਸਿੰਘ ਕੁਲਦੀਪ ਸਿੰਘ ਬਲਜੀਤ ਸਿੰਘ ਜਗਜੀਤ ਸਿੰਘ ਖਾਲਸਾ ਪੰਚਾਇਤ ਵੱਲੋਂ ਜਗਜੀਤ ਸਿੰਘ ਸਰਪੰਚ ਗੁਰਮੀਤ ਸਿੰਘ ਸਰਵਣ ਸਿੰਘ ਦਲਬੀਰ ਸਿੰਘ ਬੀਰ ਖਾਲਸਾ ਗਰੁੱਪ ਅਤੇ ਆਏ ਪਤਿਵੰਤੇ ਸੱਜਣਾਂ ਨੂੰ ਸਿਰੋਪਾਓ ਦਿਤੇ ਗਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਅਜ਼ਾਦ ਉਮੀਦਵਾਰ ਮਨਦੀਪ ਸਿੰਘ ਧਰਦਿਉ ਵੱਲੋਂ ਕੱਢੇ

# ਰੋਡ-ਸ਼ੋ ਨੂੰ ਸਫਲ ਬਣਾਉਣ ਤੇ ਕੀਤਾ ਧੰਨਵਾਦ ਕੀਤਾ





**ਚੌਂਕ ਮਹਿਤਾ 13 ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਨਵੰਬਰ --ਸਤਨਾਮ ਜੱਜ--ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦਾ ਪ੍ਰਚਾਰ ਜਿੱਥੇ ਅੱਜ ਪੂਰੇ ਜੋਰਾਂ ਸ਼ੋਰਾਂ ਨਾਲ ਆਖਰੀ ਦਿਨ ਸਮਾਪਤ ਹੋ ਗਿਆ ਹੈ। ਉੱਥੇ ਵੱਖ-ਵੱਖ ਰਵਾਇਤੀ ਪਾਰਟੀਆਂ ਤੋਂ ਇਲਾਵਾ ਜੋਨ ਮਹਿਤਾ ਚੌਂਕ ਤੋਂ ਅਜ਼ਾਦ ਉਮੀਦਵਾਰ ਵਾਤਾਵਰਨ ਪ੍ਰੇਮੀ ਮਨਦੀਪ ਸਿੰਘ ਧਰਦਿਉ ਨੇ ਜੀਪ ਚੋਣ ਨਿਸ਼ਾਨ ਦਾ ਪ੍ਰਚਾਰ ਇੱਕ ਜੀਪ ਦੇ ਵਿੱਚ ਸਵਾਰ ਹੋ ਕੇ ਸੈਂਕੜੇ ਗੱਡੀਆਂ ਦਾ ਕਾਫਲਾ ਲੈ ਕੇ 42 ਪਿੰਡਾਂ ਵਿੱਚ ਕੀਤਾ, ਮਨਦੀਪ ਸਿੰਘ ਦੇ ਜੱਦੀ ਪਿੰਡ ਧਰਦਿਓ ਤੋਂ ਕਾਫਲਾ ਸ਼ੁਰੂ ਹੋ ਕੇ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਧਰਦਿਓ ਵਿਖੇ ਮਿਥੇ ਸਮੇਂ ਤੋਂ ਪਹਿਲਾਂ ਸਮਾਪਤ ਹੋਇਆ। ਇੱਥੇ ਮਨਦੀਪ ਸਿੰਘ ਵੱਲੋਂ ਅਪੀਲ ਕਰਦਿਆਂ ਕਿਹਾ ਕਿ ਜਿਵੇਂ ਉਸ ਨੇ ਆਪਣੇ ਪਿੰਡ ਦੀ ਨੁਹਾਰ ਬਦਲੀ ਹੈ ਇਸੇ ਤਰ੍ਹਾਂ ਜਿੰਮੇਵਾਰੀ ਮਿਲਣ ਉਪਰੰਤ 42 ਪਿੰਡਾਂ ਦੀ ਵੀ ਨੁਹਾਰ ਬਦਲੇਗਾ ਮਨਦੀਪ ਸਿੰਘ ਨੇ ਕਿਹਾ ਕਿ ਜਿੱਥੇ ਉਹ ਲੰਬੇ ਸਮੇਂ ਤੋਂ ਰਾਣਾ ਸ਼ੂਗਰ ਤੋਂ ਆਪਣੇ ਸਾਫ ਹਵਾ ਸਾਫ ਪਾਣੀ ਅਤੇ ਅਜ਼ਾਦ ਰਸਤਿਆਂ ਸਬੰਧੀ ਲੜਾਈ ਲੜ ਰਿਹਾ ਹੈ ਉਸ ਦੀ ਲੜਾਈ ਅੱਜ ਵੀ ਬਾਸੂਰਤ ਜਾਰੀ ਹੈ ਉਹਨਾਂ ਕਿਹਾ ਕਿ ਦੁੱਖ ਦੀ ਗੱਲ ਤਾਂ ਇਹ ਹੈ ਕਿ ਜਿੱਥੇ ਆਮ ਆਦਮੀ ਪਾਰਟੀ ਨੂੰ ਆਪਣੇ ਪਿੰਡਾਂ ਤੇ ਇਲਾਕੇ ਵਿੱਚੋਂ ਭਾਰੀ ਬਹੁਮਤ ਨਾਲ ਜਤਾਇਆ ਸੀ ਅੱਜ ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਵੱਲੋਂ ਕੀਤੇ ਹੋਏ ਵਾਅਦੇ ਪੂਰੇ ਨਾ ਹੋਣ ਦਾ ਅਫਸੋਸ ਹੈ ਤੇ ਉਸ ਦਾ ਬਾਕੀ ਪਾਰਟੀਆਂ ਤੋਂ ਇਲਾਵਾ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਹਲਕਾ ਵਿਧਾਇਕ ਤੋਂ ਭਰੋਸਾ ਉੱਠ ਚੁੱਕਾ ਹੈ ਅੱਜ ਉਸ ਨੂੰ ਮਜਬੂਰੀ ਵੱਸ ਜਿਲਾ ਪ੍ਰੀਸ਼ਦ ਦੀ ਚੋਣ ਲੜ ਲਈ ਮਜਬੂਰ ਹੋਣਾ ਪਿਆ ਹੈ।ਮਨਦੀਪ ਸਿੰਘ ਧਰਦਿਉ ਨੇ 42 ਪਿੰਡਾਂ ਦੇ ਵੋਟਰਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਸ ਨੂੰ ਭਾਰੀ ਬਹੁਮਤ ਨਾਲ ਜਤਾਇਆ ਜਾਵੇ ਜਿੱਥੇ ਉਹਨਾਂ ਨੂੰ ਆਪਣੇ ਇਲਾਕੇ ਦੇ ਪਲੀਤ ਹੋਏ ਪਾਣੀ ਹਵਾ ਤੇ ਆਜ਼ਾਦ ਰਸਤਿਆਂ ਨੂੰ ਬਚਾਉਣ ਦੀ ਮਦਦ ਮਿਲੇਗੀ ਉਥੇ ਉਹ ਆਪਣੇ ਪਿੰਡ ਦੇ ਵਿਕਾਸ ਦੀ ਤਰ੍ਹਾਂ 42 ਪਿੰਡਾਂ ਦੇ ਵਿੱਚ ਵਿਕਾਸ ਕਰਵਾਉਣ ਲਈ ਸਹਾਈ ਹੋਣਗੇ, ਮਨਦੀਪ ਸਿੰਘ ਨੇ ਰਣਦੀਪ ਸਿੰਘ ਰਾਣਾ ਬੁੱਟਰ ਅਤੇ ਬੱਬੂ ਟੇਲਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹਨਾਂ ਨੇ ਪਹਿਲੇ ਦਿਨ ਤੋਂ ਕੀਤੇ ਸੰਘਰਸ਼ ਤੋਂ ਇਲਾਵਾ ਮੇਰੇ ਨਾਲ ਜੇਲਾਂ ਕੱਟੀਆਂ ਤੇ ਅੱਜ ਚੋਣ ਪ੍ਰਚਾਰ ਵਿੱਚ ਉਸ ਦੇ ਨਾਲ ਰਹੇ ਹਨ ਇਹਨਾਂ ਦਾ ਦੇਣ ਕਦੀ ਨਹੀਂ ਦੇ ਸਕਦਾ ਤੇ ਉਸ ਦੇ ਪਿੰਡ ਧਰਦਿਉ ਅਤੇ ਇਲਾਕੇ ਦੇ ਬਹੁਤ ਹੀ ਸਤਿਕਾਰਯੋਗ ਅਤੇ ਪਰਿਵਾਰ ਰੂਪੀ ਲੋਕਾਂ ਨੇ ਸਾਥ ਦੇ ਕੇ ਉਸ ਦਾ ਮਨੋਬਲ ਹੋਰ ਵਧਾਇਆ ਹੈ ਇਸ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚੋਂ ਆਏ ਲੋਕਾਂ ਦਾ ਵੀ ਕੋਟਨ ਕੋਟ ਧੰਨਵਾਦ ਕੀਤਾ ਇਸ ਮੌਕੇ ਉਹਨਾਂ ਨਾਲ ਵਾਰਸ ਪੰਜਾਬ ਦੀ ਜਥੇਬੰਦੀ ਦੇ ਆਗੂ ਅਮਰੀਕ ਸਿੰਘ ਬਿੱਟਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਜੰਡਿਆਲਾ ਦੇ ਇੰਚਾਰਜ ਬਲਜੀਤ ਸਿੰਘ ਬੁੱਟਰ ਤੇ ਸਮਾਜ ਸੇਵੀ ਪੱਤਰਕਾਰ ਸਤਨਾਮ ਜੱਜ, ਬਲਜਿੰਦਰ ਸਿੰਘ ਬੱਲੀ ਸਮੂਹ ਪੱਤਰਕਾਰ ਅਤੇ ਮਹਿਤਾ ਚੌਂਕ ਦੇ ਲੋਕਾਂ ਨੇ ਇੱਕ ਵਿਸ਼ੇਸ਼ ਟੀਮ ਦੀ ਤਰ੍ਹਾਂ ਸਹਿਯੋਗ ਦਿੱਤਾ ਹੈ ਇਸੇ ਤਰ੍ਹਾਂ 42 ਪਿੰਡਾਂ ਦੇ ਸਮੂਹ ਵੋਟਰਾਂ ਨੂੰ ਅਪੀਲ ਕਰਦਿਆਂ ਮਨਦੀਪ ਸਿੰਘ ਨੇ ਕਿਹਾ ਕਿ 14 ਤਰੀਕ ਦਿਨ ਐਤਵਾਰ ਵਾਲੇ ਦਿਨ ਜੀਪ ਚੋਣ ਨਿਸ਼ਾਨ ਤੇ ਮੋਹਰਾਂ ਲਾ ਕੇ ਉਹਨਾਂ ਨੂੰ ਕਾਮਯਾਬ ਕੀਤਾ ਜਾਵੇ

### ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਕਾਸ਼ ਸਿੰਘ ਬਾਦਲ ਉੱਪਰ ਕੀਤੀਆਂ ਜਾ ਰਹੀਆਂ ਟਿੱਪਣੀਆਂ ਤੇ

# ਸੁਖਬੀਰ ਸਿੰਘ ਬਾਦਲ ਤੇ ਪਾਰਟੀ ਦੀ ਚੁੱਪੀ ਸਾਬਤ ਕਰਦੀ ਹੈ ਕਿ ਬਾਦਲ ਵਾਕਿਆ ਹੀ ਅਜਿਹੇ ਸੀ - ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸਰੌਮਣੀ ਅਕਾਲੀ ਦਲ ਦੇ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕੈਪਟਨ ਅਮਰਿੰਦਰ ਸਿੰਘ ਦੀ ਤਾਜਾ ਬਿਆਨਬਾਜੀ ਤੇ ਗਹਿਰੀ ਟਿੱਪਣੀ ਕੀਤੀ ਹੈ ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਕੈਪਟਨ ਅਮਰਿੰਦਰ ਸਿੰਘ ਵੀ ਉਸੇ ਕਤਾਰ ਦੇ ਸਿਆਸਤਦਾਨ ਬਣ ਗਏ ਜਿਸ ਸਿਆਸੀ ਆਗੂ ਦਾ ਨਾਮ ਲੈਕੇ ਉਹ ਕਹਿ ਰਹੇ ਨੇ ਕਿ ਸਰਦਾਰ ਬਾਦਲ ਇਤਬਾਰ ਯੋਗ ਲੀਡਰ ਨਹੀਂ ਸਨ- ਪੀਰ ਮੁਹੰਮਦ ਨੇ ਕਿਹਾ ਕਿ, ਸਾਲ 2016 ਵਿੱਚ ਤਲਵੰਡੀ ਸਾਬੋ ਦੀ ਧਰਤੀ ਤੇ ਪਵਿੱਤਰ ਗੁਟਕਾ ਸਾਹਿਬ ਦੀ ਝੂਠੀ ਸਹੁੰ ਖਾਣ ਵਾਲੇ ਕੈਪਟਨ ਅਮਰਿੰਦਰ ਸਿੰਘ ਨੂੰ ਕੌਣ ਭੁੱਲ ਸਕਦਾ ਹੈ।ਓਹਨਾਂ ਕਿਹਾ ਕਿ ਜਦੋਂ ਪੰਜਾਬ ਦੇ ਲੋਕਾਂ ਨੇ ਕੈਪਟਨ ਅਮਰਿੰਦਰ ਸਿੰਘ ਖੁੱਦੋ ਖੂੰਡੀ ਦੀ ਸਿਆਸਤ ਨੂੰ ਬੁਰੀ ਤਰਾਂ ਨਕਾਰ ਦਿੱਤਾ ਤਾਂ ਕਮਲ ਦੇ ਫੁੱਲ ਨਾਲ ਆਪਣੀ ਸਿਆਸਤ ਨੂੰ ਅੱਗੇ ਵਧਾਉਣ ਦੀ ਕੋਸ਼ਿਸ ਕੀਤੀ, ਪਰ ਹੁਣ ਦੇਸ਼ ਭਰ ਵਿੱਚ ਕਮਲਾ ਚੁੱਕੇ ਕਮਲ ਦੇ ਫੁੱਲ ਤੋਂ ਵੀ ਓਹਨਾਂ ਦਾ ਦਿਲ ਭਰ ਚੁੱਕਾ ਹੈ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕੈਪਟਨ ਅਮਰਿੰਦਰ ਵਲੋਂ ਦਿੱਤੀਆਂ ਜਾ ਰਹੀਆਂ ਇੰਟਰਵਿਊ ਵਿੱਚ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਉੱਪਰ ਕੀਤੇ ਜਾ ਰਹੇ ਸਖਸ਼ੀਅਤ ਹਮਲਿਆਂ ਤੋਂ ਬਾਅਦ ਸ ਸੁਖਬੀਰ ਸਿੰਘ ਬਾਦਲ ਅਤੇ ਬਾਦਲ ਦਲ ਦੀ ਚੁੱਪੀ ਤੇ ਸਵਾਲ ਖੜੇ ਕੀਤੇ ਹਨ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਕੈਪਟਨ ਅਮਰਿੰਦਰ ਸਿੰਘ ਵੱਲੋ ਪ੍ਰਕਾਸ਼ ਸਿੰਘ ਬਾਦਲ ਦੀ ਕੀਤੀ ਜਾ ਰਹੀ ਕਿਰਦਾਰਕੁਸ਼ੀ ਤੇ ਸੁਖਬੀਰ ਦੀ ਚੁੱਪੀ ਕੈਪਟਨ ਦੇ ਦੋਸ਼ਾਂ ਨਾਲ ਕੀ ਸਹਿਮਤੀ ਸਮਝੀ ਜਾਵੇ ਇਹ ਚੁੱਪੀ ਇੱਕ ਤਰਾਂ ਦੀ ਬੇਸ਼ਰਤ ਹਮਾਇਤ ਹੈ,ਇਸ ਦੀ ਵੱਡੀ ਵਜ੍ਹਾ ਹੈ ਕਿ ਸੁਖਬੀਰ ਬਾਦਲ ਇਸ ਕਦਰ ਆਪਣੀ ਵਡਿਆਈ ਸੁਣਨ ਦੇ ਪੱਕੇ ਆਦੀ ਬਣ ਚੁੱਕੇ ਹਨ, ਜਦੋਂ ਓਹਨਾਂ ਦੇ ਪਿਤਾ ਨੂੰ ਬੇਈਮਾਨ ਧੋਖੇਬਾਜ਼ ਸਿਆਸਤਦਾਨ ਗਰਦਾਨਿਆ ਜਾ ਰਿਹਾ ਹੈ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਇਹ ਕਿੰਨੇ ਤਾਜੂਬ ਦੀ ਗੱਲ ਹੈ ਕਿ, ਕੈਪਟਨ ਅਮਰਿੰਦਰ ਸਿੰਘ, ਪ੍ਰਕਾਸ਼ ਸਿੰਘ ਬਾਦਲ ਨੂੰ ਪਿੱਠ ਵਿੱਚ ਛੁਰਾ ਮਾਰਨ ਵਾਲੇ ਆਗੂ, ਅਤੇ ਬੇਈਮਾਨ ਸਿਆਸਤਦਾਨ ਦੱਸ ਰਹੇ ਹਨ, ਤੇ ਓਹਨਾ ਦੇ ਬੇਟੇ ਸੁਖਬੀਰ ਬਾਦਲ ਨੂੰ ਜ਼ੁਬਾਨ ਦੇ ਪੱਕੇ ਸਿਆਸਤਦਾਨ ਦੱਸਣ ਦੀ ਕੋਸ਼ਿਸ਼ ਕਰ ਰਹੇ, ਪਰ ਕੈਪਟਨ ਅਮਰਿੰਦਰ ਸਿੰਘ ਸ਼ਾਇਦ ਭੁੱਲ ਚੁੱਕੇ ਹਨ, ਕਿ ਸੁਖਬੀਰ ਸਿੰਘ ਬਾਦਲ ਅਕਾਲੀ ਦਲ ਦੇ ਓਹ ਪ੍ਰਧਾਨ ਹਨ, ਜਿਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਾਹਮਣੇ ਆਪਣੇ ਸਾਰੇ ਗੁਨਾਹ ਕਬੂਲ ਕੇ ਸ੍ਰੀ ਮੁਕਤਸਰ ਸਾਹਿਬ ਜਾ ਕੇ ਮੁਨਕਰ ਹੋ ਗਏ ਸਨ।ਸ੍ਰੀ ਮੁਕਤਸਰ ਸਾਹਿਬ, ਓਹ ਇਤਿਹਾਸਿਕ ਅਸਥਾਨ ਜਿੱਥੇ ਬੇਦਾਵਾ ਪਾੜ੍ਹਿਆ ਗਿਆ ਸੀ, ਅਤੇ ਸੁਖਬੀਰ ਬਾਦਲ ਨੇ ਗੁਨਾਹ ਕਬੂਲ ਕੇ ਮੁਕਰਨ ਦਾ ਬੇਦਾਵਾ ਲਿਖਿਆ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਪੰਥਕ ਸਿਆਸਤ ਬਗੈਰ ਇਖਲਾਕ ਦੇ ਕਰਨਾ, ਇਸ ਨੂੰ ਪੰਥਕ ਸੋਚ ਕਦੇ ਬਰਦਾਸ਼ਤ ਨਹੀਂ ਕਰਦੀ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਸਰਦਾਰ ਸੁਖਬੀਰ ਸਿੰਘ ਬਾਦਲ ਪੰਥਕ ਇਖਲਾਕ ਤੋਂ ਦੂਰ ਨਹੀਂ ਹੋਣਾ ਚਾਹੀਦਾ ਸ ਸੁਖਬੀਰ ਸਿੰਘ ਬਾਦਲ ਨੂੰ ਕੁਰਸੀ ਦੀ ਲਾਲਸਾ ਨੇ ਪੰਥਕ ਅਤੇ ਸਿਧਾਂਤਕ ਸਿਆਸਤ ਤੋਂ ਦੂਰ ਕੀਤਾ ਹੈ ਜੌ ਕਿ ਉਨ੍ਹਾਂ ਦੇ ਲਈ ਘਾਤਕ ਸਾਬਿਤ ਹੋ ਰਹੀ ਹੈ ।ਏਸੇ ਕੁਰਸੀ ਦੀ ਲਾਲਸਾ ਨੇ ਸਿੱਖ ਕੌਮ ਨੂੰ ਬਰਗਾੜੀ ਅਤੇ ਬਹਿਬਲ ਵਰਗੇ ਜਖ਼ਮ ਦਿੱਤੇ ਹਨ, ਜਿਹੜੇ ਅੱਜ ਤੱਕ ਰਸ ਰਹੇ ਹਨ।ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ, ਕੈਪਟਨ ਅਮਰਿੰਦਰ ਸਿੰਘ ਇਸ ਗੱਲ ਤੋਂ ਭਲੀ ਭਾਂਤ ਜਾਣੂੰ ਹਨ, ਕਿ ਪੰਥਕ ਸਫਾ ਵਿੱਚ ਸ ਸੁਖਬੀਰ ਸਿੰਘ ਬਾਦਲ ਦੇ ਗੁਆਚੇ ਆਧਾਰ ਵਿਚਾਲੇ, ਪੰਥਕ ਸੰਕਟ ਹੋਰ ਡੂੰਘਾ ਕਰ ਦਿੱਤਾ ਜਾਵੇ, ਜਿਸ ਦਾ ਸਿੱਧਾ ਫਾਇਦਾ 84 ਵਰਗੇ ਜਖ਼ਮ ਦੇਣ ਵਾਲੀ ਕਾਂਗਰਸ ਨੂੰ ਮਿਲੇ।

## ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਅਕਾਲ ਸੇਵਾ ਫਾਉਂਡੇਸ਼ਨ ਵੱਲੋਂ ਵਾਤਾਵਰਨ ਨੂੰ ਹਰਿਆ ਭਰਿਆ ਰੱਖਣ ਲਈ 500 ਬੂਟਾ ਲਗਾਇਆ ਗਿਆ ਸਰਬਜੀਤ ਸਿੰਘ ਸੋਨੂੰ ਜੰਡਿਆਲਾ



**ਚੌਂਕ ਮਹਿਤਾ, 13 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਗਰੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਿੱਚ ਜਿੱਥੇ ਅਕਾਲ ਸੇਵਾ ਫਾਊਂਡੇਸ਼ਨ ਵੱਲੋਂ ਸਮਾਜ ਸੇਵਾ ਤੇ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਨੇ ਤੇ ਉੱਥੇ ਹੀ 10 ਹਜਾਰ ਰੁੱਖ ਇਸ ਸਾਲ ਵਿੱਚ ਲਗਾਇਆ ਹੈ ਤੇ ਵਾਤਾਵਰਣ ਨੂੰ ਹਰਿਆ ਭਰਿਆ ਰੱਖਣ ਦੇ ਲਈ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ 500 ਬੂਟਾ ਲਗਾਇਆ ਗਿਆ ਤੇ ਗੱਲਬਾਤ ਕਰਦੇ ਹੋਏ ਸਮਾਜਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂ ਜੰਡਿਆਲਾ ਨੇ ਦੱਸਿਆ ਕਿ ਵਾਤਾਵਰਨ ਨੂੰ ਹਰਿਆ ਭਰਿਆ ਰੱਖਣ ਦੇ ਲਈ ਸਾਡਾ ਸਭ ਦਾ ਫਰਜ ਬਣਦਾ ਹੈ ਕੀ ਅਸੀਂ ਵੱਧ ਤੋਂ ਵੱਧ ਬੂਟੇ ਲਾਈਏ ਕਿਉਂਕਿ ਇੱਕ ਸਾਲ ਦੇ ਵਿੱਚ ਜੇਕਰ ਅਸੀਂ ਬੂਟੇ ਦੀ ਸਾਂਭ ਸੰਭਾਲ ਸਹੀ ਢੰਗ ਨਾਲ ਕਰਦੇ ਹਾਂ ਤੇ ਉਹ ਰੁੱਖ ਬਣ ਜਾਂਦਾ ਹੈ ਤੇ ਅੱਜ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਵੱਧ ਤੋਂ ਵੱਧ ਬੂਟੇ ਲਗਾਈਏ ਤੇ ਵਾਤਾਵਰਨ ਨੂੰ ਹਰਿਆ ਭਰਿਆ ਰੱਖੀਏ ਤੇ ਜੇਕਰ ਅਸੀਂ ਸ਼ੁੱਧ ਹਵਾ ਲਵਾਂਗੇ ਤੇ ਸਾਨੂੰ ਅਨੇਕਾਂ ਬਿਮਾਰੀਆਂ ਤੋਂ ਇਹ ਰੁੱਖ ਬਚਾ ਸਕਦੇ ਨੇ ਕਿਉਂਕਿ ਗੁਰਬਾਣੀ ਵਿੱਚ ਵੀ ਰੁੱਖਾਂ ਦਾ ਜ਼ਿਕਰ ਆਉਂਦਾ ਹੈ ਤੇ ਜੋ ਲੋਕ ਕੁਦਰਤ ਨੂੰ ਪਿਆਰ ਕਰਦੇ ਨੇ ਕੁਦਰਤ ਵੀ ਉਹਨਾਂ ਨੂੰ ਬਹੁਤ ਕੁਝ ਦਿੰਦੀ ਹੈ ਤੇ ਉਹਨਾਂ ਦੀ ਨੇੜੇ ਹੋ ਕੇ ਸੁਣਦੀ ਹੈ।ਆਓ ਸਭ ਮਿਲ ਕੇ ਵੱਧ ਤੋਂ ਵੱਧ ਰੁੱਖ ਲਗਾਈਏ ਰੁੱਖ ਲਗਾਓ ਵਾਤਾਵਰਨ ਬਚਾਓ ਗੱਲਬਾਤ ਕਰਦੇ ਹੋਏ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ 2025 ਵਿੱਚ ਸਾਡਾ ਮਿਸ਼ਨ 15 ਬੂਟੇ ਲਗਾਉਣ ਦਾ ਤੇ ਜੰਗਲ ਲਗਾਉਣ ਦਾ ਹੈ ਜਿਸ ਵਿੱਚ ਅਸੀਂ ਵੱਖ-ਵੱਖ ਕਿਸਮਾਂ ਦੇ ਰੁੱਖ ਲਗਾ ਕੇ ਜੰਗਲ ਤਿਆਰ ਕਰ ਚੁੱਕੇ ਹਾਂ ਤੇ 2026 ਵਿੱਚ ਸਾਡਾ ਮਿਸ਼ਨ 20 ਹਜਾਰ ਬੂਟਾ ਲਗਾਉਣ ਦਾ ਹੋਵੇਗਾ ਕਿਉਂਕਿ ਕੁਦਰਤ ਨੇ ਸਾਨੂੰ ਬਹੁਤ ਕੁਝ ਦਿੱਤਾ ਹੈ ਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਵੱਧ ਤੋਂ ਵੱਧ ਰੁੱਖ ਲਗਾ ਕੇ ਕੁਦਰਤ ਦਾ ਤੇ ਵਾਤਾਵਰਨ ਦਾ ਸਤਿਕਾਰ ਕਰੀਏ ਇਸ ਮੌਕੇ ਤੇ ਹਾਜ਼ਰ ਸਰਬਜੀਤ ਸਿੰਘ ਸਕੱਤਰ ਸਿੰਘ ਜੋਬਨਜੀਤ ਸਿੰਘ ਸਤਨਾਮ ਸਿੰਘ ਦਵਿੰਦਰ ਸਿੰਘ ਬਲਦੇਵ ਸਿੰਘ ਹਰਮਨਪ੍ਰੀਤ ਸਿੰਘ ਸਿਮਰਦੀਪ ਸਿੰਘ ਗੁਰਪ੍ਰੀਤ ਸਿੰਘ ਨਿਰਮਲਜੀਤ ਸਿੰਘ ਰਣਜੀਤ ਸਿੰਘ ਜਗਜੀਤ ਸਿੰਘ ਬੱਬੂ ਵਿਰਕ ਆਦਿ ਹਾਜ਼ਰ ਸਨ।

# ਜ਼ਿਲ੍ਹਾ ਪ੍ਰੀਸਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਵੱਖ ਵੱਖ ਨਿਰਧਾਰਤ ਸਥਾਨਾਂ ਤੋਂ ਕੀਤੀਆਂ ਪੋਲਿੰਗ ਪਾਰਟੀਆਂ ਰਵਾਨਾ-ਡਿਪਟੀ ਕਮਿਸ਼ਨਰ

### ਡਿਪਟੀ ਕਮਿਸਨਰ ਪਠਾਨਕੋਟ ਡਾ. ਪੱਲਵੀ ਨੇ ਪ੍ਰਸਾਸਨਿਕ ਅਧਿਕਾਰੀਆਂ ਨਾਲ ਵੱਖ-ਵੱਖ ਨਿਰਧਾਰਤ ਸਥਾਨਾਂ ਤੇ ਪਹੁੰਚ ਲਿਆ ਜਾਇਜਾ

**ਪਠਾਨਕੋਟ, 13 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਯੋਗ ਚੋਣ ਕਮਿਸਨ ਦੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਪਠਾਨਕੋਟ ਅੰਦਰ ਜਿਲ੍ਹਾ ਪ੍ਰੀਸਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਅੱਜ ਵੱਖ ਵੱਖ ਨਿਰਧਾਰਤ ਕੀਤੇ ਸਥਾਨਾਂ ਤੋਂ ਪੋਲਿੰਗ ਦੇ ਲਈ ਪੋਲਿੰਗ ਪਾਰਟੀਆਂ ਰਵਾਨਾਂ ਕੀਤੀਆਂ ਗਈਆਂ ਹਨ। ਇਹ ਪ੍ਰਗਟਾਵਾ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਕੀਤਾ ਗਿਆ। ਇਸ ਮੋਕੇ ਤੇ ਉਨ੍ਹਾਂ ਨਾਲ ਸ੍ਰੀ ਦਲਜਿੰਦਰ ਸਿੰਘ ਢਿੱਲੋਂ ਐਸ.ਐਸ.ਪੀ. ਪਠਾਨਕੋਟ ਅਤੇ ਹੋਰ ਪ੍ਰਸਾਸਨਿਕ ਅਧਿਕਾਰੀ ਵੀ ਮੋਜੂਦ ਸਨ। ਜਿਕਰਯੋਗ ਹੈ ਕਿ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਜਿਲ੍ਹਾ ਪ੍ਰਸਾਸਨਿਕ ਅਧਿਕਾਰੀਆਂ ਦੇ ਨਾਲ ਵੱਖ ਵੱਖ ਨਿਰਧਾਰਤ ਸਥਾਨਾਂ ਤੇ ਜਿੱਥੋਂ ਪੋਲਿੰਗ ਪਾਰਟੀਆਂ ਰਵਾਨਾਂ ਕੀਤੀਆਂ ਜਾਣੀਆਂ ਸਨ ਪਹੁੰਚੇ ਅਤੇ ਸਾਰੇ ਕਾਰਜਾਂ ਦਾ ਜਾਇਜਾ ਲਿਆ।

ਇਸ ਮੋਕੇ ਤੇ ਜਾਣਕਾਰੀ ਦਿੰਦਿਆਂ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਨੇ ਕਿਹਾ ਕਿ ਮਾਨਯੋਗ ਚੋਣ ਕਮਿਸਨਰ ਦੀਆਂ ਹਦਾਇਤਾਂ ਅਨੁਸਾਰ ਸਾਰੀਆਂ ਤਿਆਰੀਆਂ ਮੁਕੰਮਲ ਕਰਵਾ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ 14 ਦਸੰਬਰ 2025 ਨੂੰ ਜਿਲ੍ਹਾ ਪਠਾਨਕੋਟ ਵਿੱਚ ਜਿਲ੍ਹਾ ਪ੍ਰੀਸਦ ਅਤੇ ਪੰਚਾਇਤ ਸੰਮਤੀਆਂ ਦੀ ਵੋਟਿੰਗ ਹੈ। ਉਨ੍ਹਾਂ ਕਿਹਾ ਕਿ ਜਿਲ੍ਹਾ ਪ੍ਰਸਾਸਨ ਵੱਲੋਂ ਸਾਰੇ ਪ੍ਰਬੰਧ ਕਰ ਲਏ ਗਏ ਹਨ ਅਤੇ ਪੁਲਿਸ ਪ੍ਰਸਾਸਨ ਵੱਲੋਂ ਵੀ ਸੁਰੱਖਿਆ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਉਨ੍ਹਾਂ ਕਿਹਾ ਕਿ ਹਰੇਕ ਪੋਲਿੰਗ ਬੂਥ ਤੇ ਵੀਡਿਓਗ੍ਰਾਫੀ ਵੀ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਲ੍ਹਾ ਪਠਾਨਕੋਟ ਅੰਦਰ ਜਿਲ੍ਹਾ ਪ੍ਰੀਸਦ ਦੀਆਂ ਚੋਣਾਂ ਲਈ 10 ਜੋਨ ਹਨ ਅਤੇ ਪੰਚਾਇਤ ਸੰਮਤੀ ਦੇ ਲਈ 93 ਜੋਨ ਬਣਾਏ ਗਏ ਹਨ।

ਉਨ੍ਹਾਂ ਕਿਹਾ ਕਿ ਜਿਲ੍ਹੇ ਅੰਦਰ 6 ਡਿਸਪੈਚ ਸੈਂਟਰ ਬਣਾਏ ਗਏ ਹਨ ਜਿਨ੍ਹਾਂ ਦੀ ਉਹ ਆਪ ਨਿਗਰਾਨੀ ਕਰ ਰਹੇ ਹਨ, ਇਸ ਸਮੇਂ ਵੀ ਪੋਲਿੰਗ ਪਾਰਟੀਆਂ ਰਵਾਨਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਰੇਕ ਡਿਸਪੈਚ ਸੈਂਟਰ ਤੇ ਭੋਜਨ ਦੀ ਵੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵੋਟਰਾਂ ਨੂੰ ਵੀ ਅਪੀਲ ਹੈ ਕਿ ਉਹ ਸਹਿਯੋਗ ਕਰਨ ਤਾਂ ਜੋ ਇਨ੍ਹਾਂ ਚੋਣਾਂ ਦੇ ਕਾਰਜ ਨੂੰ ਸਫਲਤਾਂ ਪੂਰਵਕ ਨੇਪਰੇ ਚਾੜਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਅੱਜ ਵੱਖ ਵੱਖ ਪੋਲਿੰਗ ਬੂਥਾਂ ਦੇ ਲਈ ਪੰਚਾਇਤ ਸੰਮਤੀ ਬਮਿਆਲ ਲਈ ਸਹੀਦ ਕਰਨਲ ਕੇ. ਐਲ. ਗੁਪਤਾ ਸੀਨੀਅਰ ਸੈਕੰਡਰੀ ਬਮਿਆਲ ਤੋਂ, ਪੰਚਾਇਤ ਸੰਮਤੀ ਧਾਰ ਕਲ੍ਹਾ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉੱਚਾ ਥੜ੍ਹਾ ਤੋਂ, ਪੰਚਾਇਤ ਸੰਮਤੀ ਘਰੋਟਾ ਦੇ ਲਈ ਫ੍ਰੀਡਮ ਫਾਈਟਰ ਸ੍ਰੀ ਹੰਸ ਰਾਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਰੋਟਾ ਤੋਂ, ਪੰਚਾਇਤ ਸੰਮਤੀ ਨਰੋਟ ਜੈਮਲ ਸਿੰਘ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਰੋਟ ਜੈਮਲ ਸਿੰਘ ਤੋਂ, ਪੰਚਾਇਤ ਸੰਮਤੀ ਪਠਾਨਕੋਟ ਦੇ ਲਈ ਏ.ਬੀ. ਕਾਲਜ ਪਠਾਨਕੋਟ ਤੋਂ ਅਤੇ ਪੰਚਾਇਤ ਸੰਮਤੀ ਸੁਜਾਨਪੁਰ ਦੇ ਲਈ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਆਜੀਜਪੁਰ/ਖਦਾਵਰ ਸੁਜਾਨਪੁਰ ਤੋਂ ਪੋਲਿੰਗ ਪਾਰਟੀਆਂ ਰਵਾਨਾਂ ਕੀਤੀਆਂ ਗਈਆ ਹਨ। ਉਨ੍ਹਾਂ ਦੱਸਿਆ ਕਿ 14 ਦਸੰਬਰ ਨੂੰ ਸਵੇਰੇ 8 ਵਜੇ ਤੋਂ ਲੈ ਕੇ ਸਾਮ 4 ਵਜੇ ਤੱਕ ਮਤਦਾਤਾ ਅਪਣਾ ਮਤਦਾਨ ਕਰ ਸਕਦੇ ਹਨ।

### ਭਾਰਤ ਪਾਕਿਸਤਾਨ ਬਾਰਡਰ ਸੁਚੇਤਗੜ੍ਹ ਚੌਂਕੀ ਜੰਮੂ ਵਿਖੇ ਭਾਰਤੀ ਫੌਜੀਆਂ ਦੀ ਪਰੇਡ ਵੇਖੀ

# ਸਰਹੱਦਾਂ ਤੇ ਰਾਖੀ ਕਰ ਰਹੇ ਭਾਰਤੀ ਫੌਜੀ ਜਵਾਨਾਂ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੁਲਾਕਾਤ ਕੀਤੀ























ਭਾਰਤ ਪਾਕਿਸਤਾਨ ਬਾਰਡਰ ਸੁਚੇਤਗੜ੍ਹ ਚੌਂਕੀ ਜੰਮੂ ਵਿਖੇ ਅੱਜ ਭਾਰਤੀ ਫੌਜੀਆਂ ਦੀ ਪਰੇਡ ਵੇਖੀ ਸਿਆਲਕੋਟ ਪਾਕਿਸਤਾਨ ਇੱਥੋਂ ਸਿਰਫ਼ 11 ਕਿਲੋਮੀਟਰ ਦੂਰ ਰਹਿ ਜਾਂਦਾ ਹੈ ਸਰਹੱਦਾਂ ਤੇ ਰਾਖੀ ਕਰ ਰਹੇ ਭਾਰਤੀ ਫੌਜੀ ਜਵਾਨਾਂ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੁਲਾਕਾਤ ਕੀਤੀ ਭਾਈ ਬਲਵੰਤ ਸਿੰਘ ਬਾਸਪੁਰ ਪ੍ਰਧਾਨ ਧਰਮ ਪ੍ਰਚਾਰ ਸਿੱਖ ਕੁਆਰਡੀਨੇਸ਼ਨ ਕਮੇਟੀ ਜੰਮੂ ਦੀ ਅਗਵਾਈ ਵਿੱਚ ਸਿੱਖ ਸੰਗਤਾਂ ਨੇ ਬਾਰਡਰ ਤੇ ਜਥੇਦਾਰ ਦਾਦੂਵਾਲ ਜੀ ਦਾ ਸਵਾਗਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243